੨੬੮

ਮਨ ਤੋਂ ਧੋਖਾ ਲਾਹੁਣ ਦੇ ਗੁਰਮਤਿ ਸਾਧਨ

(ਲੇਖਕ: ਡਾ: ਕਰਤਾਰ ਸਿੰਘ)

ਇਸ ਲੇਖਣੀ ਰਾਹੀਂ ਮਨ ਤੋਂ ਧੋਖਾ ਲਾਹੁਣ ਦੇ ਸਾਧਨ ਜੋ ਗੁਰਮਤਿ ਦਰਸਾਉਂਦੀ ਹੈ, ਸਮਝਣ ਦਾ ਯਤਨ ਹੈ। ਪਰ "ਧੋਖਾ" ਦਾ ਅਰਥ ਹੈ ਸੰਸਾ, ਤੌਖਲਾ, ਚਿੰਤਾ, ਸਾੜਾ ਅਤੇ ਭੁਲੇਖਾ ਆਦਿ। ਇਹ ਧੋਖਾ ਮਾਇਆ ਕਾਰਨ ਮਨ ਤੇ ਪਿਆ ਹੋਇਆ ਹੈ। ਮਾਇਆ ਕਿਸ ਨੂੰ ਆਖਦੇ ਹਨ? ਗੁਰਮਤਿ ਇਸ ਦਾ ਉੱਤਰ ਇੰਜ ਦਿੰਦੀ ਹੈ:

- ਏਹ ਮਾਇਆ ਜਿਤੁ ਹਰਿ ਵਿਸਰੈ ਮੋਹੁ ਉਪਜੈ ਭਾਉ ਦੂਜਾ ਲਾਇਆ॥ (੯੨੧)

ਮਾਇਆ, ਜਿਸ ਦੇ ਪ੍ਰਭਾਵ ਵੱਸ ਮਨ ਨਿਰੰਕਾਰ, ਸਿਰਜਣਹਾਰ ਨੂੰ ਵਿਸਰ ਜਾਏ ਤੇ ਉਸਦੇ ਕੀਤੇ ਹੋਏ ਨਾਲ ਪਿਆਰ ਤੇ ਮੋਹ ਪੈ ਜਾਵੇ। ਇਸ ਮਾਇਆ ਦੇ ਪ੍ਰਭਾਵ ਕਾਰਨ ਪ੍ਰਭੂ ਨੂੰ ਵਿਸਾਰ ਕੇ ਧੋਖਾ ਖਾਈਦਾ ਹੈ। ਇਹ ਧੋਖਾ ਮਾਇਆ ਵੇਹੜੇ ਮਨ ਨੂੰ ਭਰਮ ਭਰਾਂਤੀ ਵਿੱਚ ਪਾ ਕੇ ਆਪਣੇ ਅਸਲੇ ਤੋਂ ਦੂਰ ਲੈ ਜਾਂਦਾ ਹੈ। ਫਲਸਰੂਪ, ਏਹੋ ਜਿਹਾ ਮਨ, ਦੁੱਖ ਅਤੇ ਨੰਗ ਭੁੱਖ ਦਾ ਮਾਰਿਆ ਹੋਇਆ, ਕਲੇਸ਼ਾਂ ਤੇ ਵਿਕਾਰਾਂ ਦੇ ਦੁੱਖਾਂ ਨਾਲ ਪੀੜਤ ਹੁੰਦਾ ਹੈ ਅਤੇ ਭੰਬਲ ਭੂਸੇ ਖਾਂਦਾ ਹੈ। ਚਾਰੇ ਕੁੰਟਾਂ ਅਤੇ ਦਹਿਦਿਸ਼ਾਂ ਵਿੱਚ "ਖਿਨੁ ਆਵੈ ਤਿਲੁ ਜਾਵੈ" ਵਾਲੀ ਦਸ਼ਾ ਵਿੱਚ ਜਕੜਿਆ ਹੋਇਆ ਹੈ। ਅੰਦਰੋਂ ਪੀੜਤ ਹੋਇਆ ਤਰਲੇ ਲੈਂਦਾ ਹੈ ਤੇ ਹੋਰ ਅਨੇਕ ਸਾਧਨ ਜਿਵੇਂ ਜਪ, ਤਪ, ਪੁੰਨ ਦਾਨ, ਤੀਰਥ ਇਸ਼ਨਾਨ, ਨਿਉਲੀ ਕਰਮ, ਪੂਜਾ ਅਰਚਾ, ਬੰਦਨਾ, ਡੰਡਉਤ, ਖਟ ਕਰਮ, ਜੋਗੀਆਂ ਤੇ ਸਿਧਾਂ ਦੇ ਚੌਰਾਸੀ ਆਸਨ, ਧਾਰਮਿਕ ਗ੍ਰੰਥਾਂ ਦੇ ਪਾਠ ਦੇ ਵਿਚਾਰ, ਬ੍ਰਤ, ਗੋਰ, ਮੜ੍ਹੀ, ਮਠਾਂ ਦਾ ਪੁਜਾਰੀ ਬਣ ਕੇ ਉਨ੍ਹਾਂ ਦੀ ਪੂਜਾ ਕਰਦਾ ਹੈ। ਪਰ ਇਨ੍ਹਾਂ ਸਾਧਨਾਂ ਨਾਲ ਮਾਇਆ ਦਾ ਧੋਖਾ ਮਨ ਤੋਂ ਦੂਰ ਨਹੀਂ ਹੁੰਦਾ। ਗੁਰਮਤਿ ਗਾਰੰਟੀ ਦਿੰਦੀ ਹੈ ਕਿ ਮਨ ਤੋਂ ਮਾਇਆ ਦਾ ਧੋਖਾ ਲਹਿ ਜਾਂਦਾ ਹੈ।

ਸੋ ਗੁਰਮਤਿ ਦੇ ਸਾਧਨਾਂ ਨੂੰ ਵਰਤੋਂ ਵਿੱਚ ਲਿਆਉਣਾ ਚਾਹੀਦਾ ਹੈ।ਉਹ ਸਾਧਨ ਕਿਹੜੇ ਹਨ? ਕੇਵਲ ਪ੍ਰਭੂ ਦੀ ਸਿਫ਼ਤਿ-ਸਲਾਹ ਤੇ ਪ੍ਰਭੂ ਅੱਗੇ ਅਰਦਾਸਿ ਕਰਨੀ।ਗੁਰੂ ਫੁਰਮਾਨ ਹੈ:

- ਮਨ ਤੇ ਧੋਖਾ ਤਾ ਲਹੈ ਜਾ ਸਿਫਤਿ ਕਰੀ ਅਰਦਾਸਿ॥ (੫੫੭)

ਉਪਰਲੀ ਤੁਕ ਵਿੱਚ ਪਦ "ਤਾ" ਦੀ ਵਰਤੋਂ ਦਾ ਭਾਵ ਹੈ ਹੋਰ ਸਾਧਨਾਂ ਨਾਲ ਨਹੀਂ, ਕੇਵਲ ਸਿਫ਼ਤਿ-ਸਲਾਹ ਤੇ ਅਰਦਾਸਿ ਨਾਲ ਹੀ ਧੋਖਾ ਲਹਿੰਦਾ ਹੈ। ਕੋਈ ਵੀ ਮਨ ਤੋਂ ਮਾਇਆ ਦਾ ਧੋਖਾ ਲਾਹੁਣ ਦਾ ਇਛੁੱਕ, ਭਾਵੇਂ ਕਿਸੇ ਵੀ ਨਸਲ ਦਾ, ਕਿਸੇ ਵੀ ਦੇਸ਼ ਦਾ, ਕਿਸੇ ਵੀ ਕੌਮ ਦਾ, ਕਿਸੇ ਵੀ ਰੰਗ ਦਾ, ਕਿਸੇ ਵੀ ਜਾਤ ਦਾ ਹੋਵੇ, ਇਸ ਨੁਸਖੇ ਨੂੰ ਵਰਤ ਕੇ ਪਰਖ ਸਕਦਾ ਹੈ। ਸ਼ਰਤ ਕੇਵਲ ਪ੍ਰਭੂ ਦੀ ਹਜ਼ੂਰੀ ਵਿੱਚ ਸਿਫ਼ਤਿ-ਸਲਾਹ ਤੇ ਅਰਦਾਸਿ ਹੋਵੇ, ਨਾਂ ਕਿ ਮਕੈਨੀਕਲ ਰੈਪੀਟੇਸ਼ਨ। ਮਨ ਦੀ ਗ਼ੈਰ ਹਾਜ਼ਰੀ ਨਾ ਹੋਵੇ, ਫਿਰ ਕਿਸੇ ਵੀ ਬੋਲੀ ਵਿੱਚ, ਕਿਸੇ ਵੀ ਭਾਸ਼ਾ ਵਿੱਚ ਅਰਦਾਸ ਤੇ ਸਿਫ਼ਤਿ-ਸਲਾਹ ਫਲੀਭੂਤ ਹੁੰਦੀ ਹੈ ਅਤੇ ਮਾਇਆ ਦਾ ਧੋਖਾ ਮਨ ਤੋਂ ਲਾਹੁੰਦੀ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦਾ ਇਹ ਸਿਧਾਂਤ ਸਰਬ ਮਨੁੱਖਾ ਜਾਤੀ ਲਈ, ਸਰਬ ਸੰਸਾਰ ਲਈ ਅਤੇ ਸਰਬ ਦੇ ਉਧਾਰ ਲਈ ਹੈ। ਪਰ ਅਫ਼ਸੋਸ, ਇਸ ਸਿਧਾਂਤ ਦਾ ਪ੍ਰਚਾਰ ਨਹੀਂ ਹੋ ਰਿਹਾ, ਸਿੱਟੇ ਵਜੋਂ ਅਸੀਂ ਦੁੱਖੀ ਹਾਂ। ਸਿਧਾਂਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਅੰਕਿਤ ਹੈ, ਅਸੀਂ ਇਸ ਸਿਧਾਂਤ ਅੱਗੇ ਮੱਥਾ ਵੀ ਟੇਕਦੇ ਹਾਂ, ਸਤਿਕਾਰ ਵੀ ਕਰਦੇ ਹਾਂ ਪਰ ਅਮਲ ਵਿੱਚ ਨਹੀਂ ਲਿਆਉਂਦੇ। ਕੀ ਇੰਜ ਕਰਨ ਨਾਲ ਮਨ ਤੋਂ ਮਾਇਆ ਦਾ ਧੋਖਾ ਦੂਰ ਹੋ ਸਕਦਾ ਹੈ? ਕਦਾਚਿਤ ਨਹੀਂ।

ਇੱਕ ਭੁਲੇਖਾ ਪੈਣ ਦੀ ਸੰਭਾਵਨਾ ਹੈ ਕਿ ਕਿਸ ਦੀ ਸਿਫ਼ਤਿ-ਸਲਾਹ ਕਰਨੀ ਹੈ ਅਤੇ ਕਿਸ ਅੱਗੇ ਅਰਦਾਸਿ ਕਰਨੀ ਹੈ? ਉੱਤਰ ਇਹ ਹੈ ਕਿ ਜੋ ਹੋਂਦ ਹਸਤੀ ਇੱਕ ਹੈ, ਕੇਵਲ ਇੱਕ ਹੈ, ਸਦਾ ਸਥਿਰ ਹੈ, ਸੰਸਾਰ ਦੀ

ਰਚਨਹਾਰ, ਪਾਲਣਹਾਰ, ਬਖਸ਼ਣਹਾਰ ਤੇ ਨਿਰੰਕਾਰ ਹੈ ਅਤੇ ਜਿਹੜੀ ਹੋਂਦ ਸਰਬ ਸਮਰੱਥ, ਡਰ ਤੋਂ ਰਹਿਤ, ਮੌਤ ਤੋਂ ਰਹਿਤ, ਜੂਨਾਂ ਤੋਂ ਰਹਿਤ ਅਤੇ ਸੁਤੇ ਪ੍ਰਕਾਸ਼ ਹੈ, ਉਸਦੀ ਸਿਫ਼ਤਿ-ਸਲਾਹ ਕਰਨੀ ਹੈ ਅਤੇ ਉਸ ਅੱਗੇ ਅਰਦਾਸਿ ਕਰਨੀ ਹੈ। ਉਹ ਹੋਂਦ ਆਕਾਰ ਰਹਿਤ ਹੈ, ਵਿਕਾਰ ਰਹਿਤ ਹੈ, ਅਹਾਰ ਰਹਿਤ ਹੈ। ਉਹ ਹੋਂਦ ਸਰਬ ਪਰੀਪੂਰਨ ਹੈ। ਉਹ ਹੋਂਦ ਧਰਤੀ, ਅਕਾਸ਼ ਤੇ ਜਲ ਵਿੱਚ ਵੀ ਭਰਪੂਰ ਹੈ। ਉਹ ਹੋਂਦ ਹਵਾ ਵਿੱਚ, ਬੈਸੰਤਰ ਵਿੱਚ, ਚਾਰ ਕੁੰਟਾਂ ਤੇ ਦਹਦਿਸਾਂ ਵਿੱਚ ਸਮਾਈ ਹੋਈ ਹੈ। ਉਸ ਹੋਂਦ ਤੋਂ ਕੋਈ ਵੀ ਥਾਂ ਖਾਲੀ ਨਹੀਂ। ਹਾਥੀ ਅਤੇ ਕੀੜੀ ਵਿੱਚ, ਰਾਜੇ ਤੇ ਰੰਕ ਵਿੱਚ ਸਮਾਈ ਹੋਈ ਹੈ। ਉਸ ਹੋਂਦ ਦਾ ਕੋਈ ਰੂਪ, ਕੋਈ ਜਾਤ ਤੇ ਪਾਤ ਨਹੀਂ, ਉਹ ਹੋਂਦ ਰਜੋ, ਤਮੋ, ਸਤੋ ਤੋਂ ਭਿੰਨ ਹੈ, ਉਹ ਹੋਂਦ ਅੰਗ ਰਹਿਤ ਹੈ, ਸਰੀਰ ਰਹਿਤ ਹੈ, ਮੁੱਖ ਰਹਿਤ ਹੈ। ਉਹ ਹੋਂਦ ਹੱਡ ਮਾਸ ਤੇ ਨਾੜੀ ਪਿੰਜਰ ਨਹੀਂ। ਉਸ ਹੋਂਦ ਦਾ ਕੋਈ ਸਰੀਰ ਨਹੀਂ, ਲਾ-ਸਰੀਰ ਹੈ। ਉਹ ਹੋਂਦ ਚੇਤਨਤਾ ਹੈ, ਜੜ੍ਹ ਨਹੀਂ। ਉਹ ਹੋਂਦ ਸੰਸਾਰ ਰਚਨਾ ਤੋਂ ਪਹਿਲਾਂ ਤੇ ਸੰਸਾਰ ਰਚਨਾ ਦੇ ਆਰੰਭ ਵਿੱਚ, ਸਦਾ ਇੱਕ ਰਸ ਰਹਿੰਦੀ ਹੈ। ਵਰਤਮਾਨ ਸਮੇਂ, ਭਵਿੱਖ ਸਮੇਂ ਇਹ ਹੋਂਦ ਸਦਾ ਇੱਕ ਰਸ ਰਹੇਗੀ। ਇਹ ਹੋਂਦ ਅਬਦਲ ਹੈ, ਨਿਹਚਲ ਹੈ, ਨਿਆਸਰਾ ਹੈ, ਅਜੈ ਹੈ, ਅਲੈ ਹੈ। ਇਹ ਹੋਂਦ ਦਇਆ ਦਾ ਘਰ ਹੈ, ਕ੍ਰਿਪਾ ਦਾ ਭੰਡਾਰ ਹੈ। ਇਹ ਹੋਂਦ ਸਦਾ ਬਖਸ਼ਿੰਦ ਹੈ, ਅਨਾਥਾਂ ਦਾ ਸਹਾਰਾ ਹੈ, ਦੁੱਖਾਂ ਦੀ ਦਰਿਦ੍ਰਾਂ ਦੀ ਨਾਸਕ ਹੈ। ਇਹ ਹੋਂਦ ਨਿਰਲੇਖ ਹੈ। ਇਸ ਹੋਂਦ ਦਾ ਕੋਈ ਮਾਤਾ ਪਿਤਾ ਤੇ ਬੰਧਪ ਭਰਾਤਾ ਨਹੀਂ ਹੈ। ਇਸ ਹੋਂਦ ਦਾ ਕਿਸੇ ਨੇ ਅੰਤ ਨਹੀਂ ਪਾਇਆ। ਇਹ ਹੋਂਦ ਬੇਅੰਤ ਹੈ, ਅਪਾਰ ਹੈ। ਲੰਗੜਾ ਮਨ ਤੇ ਲੰਗੜੀ ਬੁੱਧੀ ਇਸ ਸੀਮਾ ਰਹਿਤ ਹੋਂਦ ਦਾ ਪਾਰਾਵਾਰ ਨਹੀਂ ਪਾ ਸਕਦੀ। ਇਹ ਹੋਂਦ ਅੰਤਰਜਾਮੀ ਹੈ। ਇਹ ਹੋਂਦ ਅਨੰਦ ਸਰੂਪ ਹੈ। ਇਸ ਸਰਬ ਵਿਆਪਕ ਹੋਂਦ ਦੀ ਸਿਫ਼ਤਿ-ਸਲਾਹ ਤੇ ਇਸ ਅੱਗੇ ਅਰਦਾਸਿ ਕਰਨੀ ਹੈ ਜੋ ਫਲ ਦੇਂਦੀ ਹੈ। ਅਗਲੇ ਅੰਕਿਤ ਸ਼ਬਦਾਂ ਵਿੱਚ ਗਾਰੰਟੀਆਂ ਦਿੱਤੀਆਂ ਹੋਈਆਂ ਹਨ:

- ਮਨ ਮੇਰੇ ਕਰਤੇ ਨੋ ਸਾਲਾਹਿ॥ ਸਭੇ ਛਡਿ ਸਿਆਣਪਾ ਗੁਰ ਕੀ ਪੈਰੀ ਪਾਹਿ॥ ਰਹਾਉ॥
  ਦੁਖ ਭੁਖ ਨਹ ਵਿਆਪਈ ਜੇ ਸੁਖਦਾਤਾ ਮਨਿ ਹੋਇ॥ ਕਿਤ ਹੀ ਕੰਮਿ ਨ ਛਿਜੀਐ ਜਾ ਹਿਰਦੈ ਸਚਾ ਸੋਇ॥ (੪੩)

- ਮਨ ਮੇਰੇ ਸਤਿਗੁਰ ਕੈ ਭਾਣੈ ਚਲੁ॥ ਨਿਜ ਘਰਿ ਵਸਹਿ ਅੰਮ੍ਰਿਤੁ ਪੀਵਹਿ ਤਾ ਸੁਖ ਲਹਹਿ ਮਹਲੁ॥ (੩੭)

- ਏ ਮਨ ਗੁਰ ਕੀ ਸਿਖ ਸੁਣਿ ਹਰਿ ਪਾਵਹਿ ਗੁਣੀ ਨਿਧਾਨੁ॥
  ਹਰਿ ਸੁਖਦਾਤਾ ਮਨਿ ਵਸੈ ਹਉਮੈ ਜਾਇ ਗੁਮਾਨੁ॥ (੫੧੧)

- ਸਿਮਰਿ ਸਿਮਰਿ ਸਿਮਰਿ ਪ੍ਰਭੁ ਸੋਇ॥ ਨਾਨਕ ਬਿਘਨੁ ਨ ਲਾਗੈ ਕੋਇ॥ (੨੮੧)

- ਹਰਿ ਜਨ ਸਿਮਰਹੁ ਹਿਰਦੈ ਰਾਮ॥ ਹਰਿ ਜਨ ਕਉ ਅਪਦਾ ਨਿਕਟਿ ਨ ਆਵੈ ਪੂਰਨ ਦਾਸ ਕੇ ਕਾਮ॥ (੭੦੨)

- ਗੁਰਮੁਖਿ ਨਾਮੁ ਜਪਹੁ ਮਨ ਮੇਰੇ॥ ਨਾਨਕ ਪਾਵਹੁ ਸੂਖ ਘਨੇਰੇ॥ (੨੬੪)

- ਮਨਿ ਤਨਿ ਨਾਮੁ ਜਪਹੁ ਲਿਵ ਲਾਇ॥ ਦੂਖੁ ਦਰਦੁ ਮਨ ਤੇ ਭਉ ਜਾਇ॥ (੨੯੩)

- ਰਾਮ ਨਾਮ ਜਪਿ ਹਿਰਦੇ ਮਾਹਿ॥ ਨਾਨਕ ਪਤਿ ਸੇਤੀ ਘਰਿ ਜਾਹਿ॥ (੨੮੩)

- ਪਵਿਤ੍ਰ ਪਵਿਤ੍ਰ ਪਵਿਤ੍ਰ ਪੁਨੀਤ॥ ਨਾਮੁ ਜਪੈ ਨਾਨਕ ਮਨਿ ਪ੍ਰੀਤਿ॥ (੨੭੯)

- ਸਗਲ ਦੂਖ ਕਾ ਹੋਵਤ ਨਾਸੁ॥ ਨਾਨਕ ਨਾਮੁ ਜਪਹੁ ਗੁਨਤਾਸੁ॥ (੨੯੦)

- ਹਰਿ ਕੀ ਭਗਤਿ ਕਰਹੁ ਮਨੁ ਲਾਇ॥ ਮਨਿ ਬੰਛਤ ਨਾਨਕ ਫਲ ਪਾਇ॥ (੨੮੮)

- ਜੋ ਚਾਹਹਿ ਸੋਈ ਮਿਲੈ ਨਾਨਕ ਹਰਿ ਗੁਨ ਗਾਇ॥ (੨੯੬)

- ਜੋ ਮਾਗਹਿ ਠਾਕੁਰ ਅਪੁਨੇ ਤੇ ਸੋਈ ਸੋਈ ਦੇਵੈ॥ ਨਾਨਕ ਦਾਸੁ ਮੁਖ ਤੇ ਜੋ ਬੋਲੈ ਈਹਾ ਊਹਾ ਸਚੁ ਹੋਵੈ॥ (੬੮੧)

ਉਪਰਲੇ ਪ੍ਰਮਾਣਾਂ ਵਿੱਚ ਗੁਰਮਤਿ ਗਾਰੰਟੀਆਂ ਦੇ ਰਹੀ ਹੈ, ਗਾਰੰਟੀਆਂ ਦੀ ਭਾਸ਼ਾ ਸਰਲ ਤੇ ਸਪੱਸ਼ਟ ਹੈ, ਬਹੁਤੀ ਵਿਆਖਿਆ ਦੀ ਲੋੜ ਨਹੀਂ ਹੈ। ਕੋਈ ਵੀ ਪਰਖ ਕੇ ਵੇਖ ਸਕਦਾ ਹੈ, ਪੂਰਾ ਪਾਏਗਾ, ਨਿਰਾਸਤਾ ਨਹੀਂ ਹੋਵੇਗੀ। ਸਿਫ਼ਤਿ-ਸਲਾਹ ਲਈ ਗੁਰਮਤਿ ਨੇ ਪਦ ਵਾਹੁ ਵਾਹੁ ਦਰਸਾਇਆ ਹੈ, ਪ੍ਰਮਾਣ ਇਹ ਹੈ:

- ਵਾਹੁ ਵਾਹੁ ਸਿਫਤਿ ਸਲਾਹ ਹੈ ਗੁਰਮੁਖਿ ਬੂਝੈ ਕੋਇ॥ (੫੧੪)

- ਨਾਨਕ ਵਾਹੁ ਵਾਹੁ ਕਰਤਿਆ ਪ੍ਰਭੁ ਪਾਇਆ ਕਰਮਿ ਪਰਾਪਤਿ ਹੋਇ॥ (੫੧੪)

- ਵਾਹੁ ਵਾਹੁ ਕਰਤਿਆ ਮਨੁ ਨਿਰਮਲੁ ਹੋਵੈ ਹਉਮੈ ਵਿਚਹੁ ਜਾਇ॥
  ਵਾਹੁ ਵਾਹੁ ਗੁਰਸਿਖੁ ਜੋ ਨਿਤ ਕਰੇ ਸੋ ਮਨ ਚਿੰਦਿਆ ਫਲੁ ਪਾਇ॥ (੫੧੫)

- ਵਾਹੁ ਵਾਹੁ ਗੁਰਸਿਖ ਨਿਤ ਸਭ ਕਰਹੁ ਗੁਰ ਪੂਰੇ ਵਾਹੁ ਵਾਹੁ ਭਾਵੈ॥
  ਨਾਨਕ ਵਾਹੁ ਵਾਹੁ ਜੋ ਮਨਿ ਚਿਤਿ ਕਰੇ ਤਿਸੁ ਜਮਕੰਕਰੁ ਨੇੜਿ ਨ ਆਵੈ॥ (੫੧੫)

- ਵਾਹੁ ਵਾਹੁ ਤਿਸ ਨੋ ਆਖੀਐ ਜਿ ਸਚਾ ਗਹਿਰ ਗੰਭੀਰੁ॥
  ਵਾਹੁ ਵਾਹੁ ਤਿਸ ਨੋ ਆਖੀਐ ਜਿ ਗੁਣਦਾਤਾ ਮਤਿ ਧੀਰੁ॥
  ਵਾਹੁ ਵਾਹੁ ਤਿਸ ਨੋ ਆਖੀਐ ਜਿ ਸਭ ਮਹਿ ਰਹਿਆ ਸਮਾਇ॥
  ਵਾਹੁ ਵਾਹੁ ਤਿਸ ਨੋ ਆਖੀਐ ਜਿ ਦੇਦਾ ਰਿਜਕੁ ਸਬਾਹਿ॥
  ਨਾਨਕ ਵਾਹੁ ਵਾਹੁ ਇਕੋ ਕਰਿ ਸਾਲਾਹੀਐ ਜਿ ਸਤਿਗੁਰ ਦੀਆ ਦਿਖਾਇ॥ (੫੧੪)

ਵਾਹੁ ਵਾਹੁ ਕਿਸ ਨੂੰ ਆਖਣਾ ਹੈ? ਵਾਹੁ ਵਾਹੁ ਉਸ ਨੂੰ ਆਖਣਾ ਹੈ ਜੋ ਸੱਚਾ ਤੇ ਗਹਿਰ ਗੰਭੀਰ ਹੈ, ਜੋ ਗੁਣਦਾਤਾ ਤੇ ਮਤਿ ਨੂੰ ਧੀਰਜਵਾਨ ਬਣਾਉਣ ਵਾਲਾ ਹੈ, ਜੋ ਸਾਰਿਆਂ ਵਿੱਚ ਸਮਾਇਆ ਹੋਇਆ ਹੈ, ਜੋ ਸਾਰਿਆਂ ਨੂੰ ਰਿਜਕ ਦੇਂਦਾ ਹੈ:

- ਨਾਨਕ ਵਾਹੁ ਵਾਹੁ ਕਹੁ ਤਾ ਕਉ ਜਾ ਕਾ ਅੰਤੁ ਨ ਪਾਰੁ॥ (੧੨੨੧)

- ਵਾਹੁ ਵਾਹੁ ਕਰਿ ਪ੍ਰਭੁ ਸਾਲਾਹੀਐ ਤਿਸੁ ਜੇਵਡੁ ਅਵਰੁ ਨ ਕੋਇ॥ (੧੨੨੯)

- ਵਾਹੁ ਵਾਹੁ ਤਿਸ ਕਉ ਜਿਸ ਦਾ ਇਹੁ ਜੀਉ॥ (੨੨੬)

- ਵਾਹੁ ਵਾਹੁ ਕਰਤਿਆ ਰੈਣਿ ਸੁਖਿ ਵਿਹਾਇ॥ ਵਾਹੁ ਵਾਹੁ ਕਰਤਿਆ ਸਦਾ ਅਨੰਦੁ ਹੋਵੈ ਮੇਰੀ ਮਾਇ॥
  ਵਾਹੁ ਵਾਹੁ ਕਰਤਿਆ ਹਰਿ ਸਿਉ ਲਿਵ ਲਾਇ॥ ਵਾਹੁ ਵਾਹੁ ਕਰਮੀ ਬੋਲੈ ਬੋਲਾਇ॥
  ਵਾਹੁ ਵਾਹੁ ਕਰਤਿਆ ਸੋਭਾ ਪਾਇ॥ ਨਾਨਕ ਵਾਹੁ ਵਾਹੁ ਸਤਿ ਰਜਾਇ॥ (੫੧੪)

- ਵਾਹੁ ਵਾਹੁ ਗੁਰਮੁਖ ਸਦਾ ਕਰਹਿ ਮਨਮੁਖ ਮਰਹਿ ਬਿਖੁ ਖਾਇ॥
  ਓਨਾ ਵਾਹੁ ਵਾਹੁ ਨ ਭਾਵਈ ਦੁਖੇ ਦੁਖਿ ਵਿਹਾਇ॥ (੫੧੫)

- ਨਾਨਕ ਵਾਹੁ ਵਾਹੁ ਜੋ ਕਰਹਿ ਹਉ ਤਨੁ ਮਨੁ ਤਿਨ੍ ਕਉ ਦੇਉ॥ (੫੧੫)

ਹੇ ਨਾਨਕ! ਜੋ ਵਾਹੁ ਵਾਹੁ ਕਰਦੇ ਹਨ, ਉਨ੍ਹਾਂ ਨੂੰ ਮੈਂ ਤਨ ਤੇ ਮਨ ਅਰਪਨ ਕਰਦਾ ਹਾਂ। ਵਾਹੁ ਵਾਹੁ ਕਰਨਾ ਆਪਣੇ ਅਸਲੇ ਨਾਲ ਮਿਲਾਪ ਦਾ ਸਾਧਨ ਹੈ। ਸਿਫ਼ਤਿ-ਸਲਾਹ ਤੇ ਅਰਦਾਸ ਕਰਨੀ ਹੈ। ਗੁਰਮਤਿ ਹੋਰ ਕੋਈ ਸਾਧਨ ਨਹੀਂ ਦਰਸਾਉਂਦੀ ਤੇ ਨਾ ਹੀ ਹੋਰ ਕੋਈ ਸਾਧਨ ਹੈ।

ਅੱਗੇ ਹੁਣ ਸਿਫ਼ਤਿ ਸਲਾਹ ਦੇ ਅਤੇ ਅਰਦਾਸਿ ਦੇ ਸ਼ਬਦ ਹਨ ਜਿਨ੍ਹਾਂ ਦੁਆਰਾ ਜਗਿਆਸੂ ਅਭਿਆਸ ਕਰ ਸਕਦੇ ਹਨ। ਧਿਆਨ ਸਦਾ ਇਹ ਰੱਖਣਾ ਹੈ ਕਿ ਅਭਿਆਸ ਸਮੇਂ ਸੁਰਤਿ ਨੂੰ ਸ਼ਬਦ ਦੇ ਅਰਥਾਂ ਵਿੱਚ ਜੋੜਨਾ ਹੈ ਅਤੇ ਮਨ ਵਿੱਚ ਪ੍ਰਭੂ ਪ੍ਰਥਾਇ ਪ੍ਰੇਮ ਦੀ ਭਾਵਨਾ ਰੱਖਣੀ ਹੈ।

– ਅਚੁਤ ਪਾਰਬ੍ਰਹਮ ਪਰਮੇਸਰੁ ਅੰਤਰਜਾਮੀ॥ ਮਧੁਸੂਦਨ ਦਾਮੋਦਰ ਸੁਆਮੀ॥
ਰਿਖੀਕੇਸ ਗੋਵਰਧਨ ਧਾਰੀ ਮੁਰਲੀ ਮਨੋਹਰ ਹਰਿ ਰੰਗਾ॥
ਮੋਹਨ ਮਾਧਵ ਕ੍ਰਿਸ੍ਨ ਮੁਰਾਰੇ॥ ਜਗਦੀਸਰੁ ਹਰਿ ਜੀਉ ਅਸੁਰ ਸੰਘਾਰੇ॥
ਜਗਜੀਵਨ ਅਬਿਨਾਸੀ ਠਾਕੁਰ ਘਟ ਘਟ ਵਾਸੀ ਹੈ ਸੰਗਾ॥
ਧਰਣੀਧਰ ਈਸ ਨਰਸਿੰਘ ਨਾਰਾਇਣ॥ ਦਾੜਾ ਅਗ੍ਰੇ ਪ੍ਰਿਥਮਿ ਧਰਾਇਣ॥
ਬਾਵਨ ਰੂਪੁ ਕੀਆ ਤੁਧੁ ਕਰਤੇ ਸਭ ਹੀ ਸੇਤੀ ਹੈ ਚੰਗਾ॥ (੧੦੮੨)

ਨੋਟ:– ਸਾਰੇ ਹੀ ਪ੍ਰਚੱਲਤ ਨਾਂਵ ਜੋ ਲੋਕ ਆਪਣੇ ਇਸ਼ਟ ਲਈ ਵਰਤਦੇ ਸਨ, ਏਥੇ ਗੁਰੂ ਜੀ ਨੇ ਵਾਹਿਗੁਰੂ ਲਈ ਵਰਤੇ ਹਨ। ਸਭ ਅਵਤਾਰਾਂ ਆਦਿ ਵਿੱਚ ਵਾਹਿਗੁਰੂ ਦੀ ਵਡਿਆਈ ਹੀ ਕੰਮ ਕਰਦੀ ਦਿਸ ਆਈ ਹੈ। ਇਸ ਲਈ ਉਨ੍ਹਾਂ ਨਾਵਾਂ ਨਾਲ ਵਾਹਿਗੁਰੂ ਨੂੰ ਯਾਦ ਕੀਤਾ ਹੈ।

– ਸ੍ਰੀ ਰਾਮਚੰਦ ਜਿਸੁ ਰੂਪੁ ਨ ਰੇਖਿਆ॥ ਬਨਵਾਲੀ ਚਕ੍ਰਪਾਣਿ ਦਰਸਿ ਅਨੂਪਿਆ॥
ਸਹਸ ਨੇਤ੍ਰ ਮੂਰਤਿ ਹੈ ਸਹਸਾ ਇਕੁ ਦਾਤਾ ਸਭ ਹੈ ਮੰਗਾ॥
ਭਗਤਿ ਵਛਲੁ ਅਨਾਥਹ ਨਾਥੇ॥ ਗੋਪੀ ਨਾਥੁ ਸਗਲ ਹੈ ਸਾਥੇ॥
ਬਾਸੁਦੇਵ ਨਿਰੰਜਨ ਦਾਤੇ ਬਰਨਿ ਨ ਸਾਕਉ ਗੁਣ ਅੰਗਾ॥
ਮੁਕੰਦ ਮਨੋਹਰ ਲਖਮੀ ਨਾਰਾਇਣ॥ ਦ੍ਰੋਪਤੀ ਲਜਾ ਨਿਵਾਰਿ ਉਧਾਰਣ॥
ਕਮਲਾਕੰਤ ਕਰਹਿ ਕੰਤੂਹਲ ਅਨਦ ਬਿਨੋਦੀ ਨਿਹਸੰਗਾ॥
ਅਮੋਘ ਦਰਸਨ ਆਜੂਨੀ ਸੰਭਉ॥ ਅਕਾਲ ਮੂਰਤਿ ਜਿਸੁ ਕਦੇ ਨਾਹੀ ਖਉ॥
ਅਬਿਨਾਸੀ ਅਬਿਗਤ ਅਗੋਚਰ ਸਭੁ ਕਿਛੁ ਤੁਝ ਹੀ ਹੈ ਲਗਾ॥
ਸ੍ਰੀਰੰਗ ਬੈਕੁੰਠ ਕੇ ਵਾਸੀ॥ ਮਛੁ ਕਛੁ ਕੂਰਮੁ ਆਗਿਆ ਅਉਤਰਾਸੀ॥
ਕੇਸਵ ਚਲਤ ਕਰਹਿ ਨਿਰਾਲੇ ਕੀਤਾ ਲੋੜਹਿ ਸੋ ਹੋਇਗਾ॥
ਨਿਰਾਹਾਰੀ ਨਿਰਵੈਰੁ ਸਮਾਇਆ॥ ਧਾਰਿ ਖੇਲੁ ਚਤੁਰਭੁਜੁ ਕਹਾਇਆ॥
ਸਾਵਲ ਸੁੰਦਰ ਰੂਪ ਬਣਾਵਹਿ ਬੇਣੁ ਸੁਨਤ ਸਭ ਮੋਹੈਗਾ॥
ਬਨਮਾਲਾ ਬਿਭੂਖਨ ਕਮਲ ਨੈਨ॥ ਸੁੰਦਰ ਕੁੰਡਲ ਮੁਕਟ ਬੈਨ॥
ਸੰਖ ਚਕ੍ਰ ਗਦਾ ਹੈ ਧਾਰੀ ਮਹਾ ਸਾਰਥੀ ਸਤਸੰਗਾ॥
ਪੀਤ ਪੀਤੰਬਰ ਤ੍ਰਿਭਵਣ ਧਣੀ॥ ਜਗੰਨਾਥੁ ਗੋਪਾਲੁ ਮੁਖਿ ਭਣੀ॥
ਸਾਰਿੰਗਧਰ ਭਗਵਾਨ ਬੀਠੁਲਾ ਮੈ ਗਣਤ ਨ ਆਵੈ ਸਰਬੰਗਾ॥
ਨਿਹਕੰਟਕੁ ਨਿਹਕੇਵਲੁ ਕਹੀਐ॥ ਧਨੰਜੈ ਜਲਿ ਥਲਿ ਹੈ ਮਹੀਐ॥
ਮਿਰਤ ਲੋਕ ਪਇਆਲ ਸਮੀਪਤ ਅਸਥਿਰ ਥਾਨੁ ਜਿਸੁ ਹੈ ਅਭਗਾ॥
ਪਤਿਤ ਪਾਵਨ ਦੁਖ ਭੈ ਭੰਜਨੁ॥ ਅਹੰਕਾਰ ਨਿਵਾਰਣੁ ਹੈ ਭਵ ਖੰਡਨੁ॥
ਭਗਤੀ ਤੋਖਿਤ ਦੀਨ ਕ੍ਰਿਪਾਲਾ ਗੁਣੇ ਨ ਕਿਤ ਹੀ ਹੈ ਭਿਗਾ॥
ਨਿਰੰਕਾਰੁ ਅਛਲ ਅਡੋਲੋ॥ ਜੋਤਿ ਸਰੂਪੀ ਸਭੁ ਜਗੁ ਮਉਲੋ॥
ਸੋ ਮਿਲੈ ਜਿਸੁ ਆਪਿ ਮਿਲਾਏ ਆਪਹੁ ਕੋਇ ਨ ਪਾਵੈਗਾ॥
ਆਪੇ ਗੋਪੀ ਆਪੇ ਕਾਨਾ॥ ਆਪੇ ਗਊ ਚਰਾਵੈ ਬਾਨਾ॥
ਆਪਿ ਉਪਾਵਹਿ ਆਪਿ ਖਪਾਵਹਿ ਤੁਧੁ ਲੇਪੁ ਨਹੀ ਇਕੁ ਤਿਲੁ ਰੰਗਾ॥
ਏਕ ਜੀਹ ਗੁਣ ਕਵਨ ਬਖਾਨੈ॥ ਸਹਸ ਫਨੀ ਸੇਖ ਅੰਤੁ ਨ ਜਾਨੈ॥

ਨਵਤਨ ਨਾਮ ਜਪੈ ਦਿਨੁ ਰਾਤੀ ਇਕੁ ਗੁਣੁ ਨਾਹੀ ਪ੍ਰਭ ਕਹਿ ਸੰਗਾ॥
ਓਟ ਗਹੀ ਜਗਤ ਪਿਤ ਸਰਣਾਇਆ॥ ਭੈ ਭਇਆਨਕ ਜਮਦੂਤ ਦੁਤਰ ਹੈ ਮਾਇਆ॥
ਹੋਹੁ ਕ੍ਰਿਪਾਲ ਇਛਾ ਕਰਿ ਰਾਖਹੁ ਸਾਧ ਸੰਤਨ ਕੈ ਸੰਗਿ ਸੰਗਾ॥
ਦ੍ਰਿਸਟਿਮਾਨ ਹੈ ਸਗਲ ਮਿਥੇਨਾ॥ ਇਕੁ ਮਾਗਉ ਦਾਨੁ ਗੋਬਿਦ ਸੰਤ ਰੇਨਾ॥
ਮਸਤਕਿ ਲਾਇ ਪਰਮ ਪਦੁ ਪਾਵਉ ਜਿਸੁ ਪ੍ਰਾਪਤਿ ਸੋ ਪਾਵੈਗਾ॥
ਜਿਨ ਕਉ ਕ੍ਰਿਪਾ ਕਰੀ ਸੁਖਦਾਤੇ॥ ਤਿਨ ਸਾਧੂ ਚਰਣ ਲੈ ਰਿਦੈ ਪਰਾਤੇ॥
ਸਗਲ ਨਾਮ ਨਿਧਾਨੁ ਤਿਨ ਪਾਇਆ ਅਨਹਦ ਸਬਦ ਮਨਿ ਵਾਜੰਗਾ॥
ਕਿਰਤਮ ਨਾਮ ਕਥੇ ਤੇਰੇ ਜਿਹਬਾ॥ ਸਤਿ ਨਾਮੁ ਤੇਰਾ ਪਰਾ ਪੂਰਬਲਾ॥
ਕਹੁ ਨਾਨਕ ਭਗਤ ਪਏ ਸਰਣਾਈ ਦੇਹੁ ਦਰਸੁ ਮਨਿ ਰੰਗੁ ਲਗਾ॥
ਤੇਰੀ ਗਤਿ ਮਿਤਿ ਤੂਹੈ ਜਾਣਹਿ॥ ਤੂ ਆਪੇ ਕਥਹਿ ਤੈ ਆਪਿ ਵਖਾਣਹਿ॥
ਨਾਨਕ ਦਾਸੁ ਦਾਸਨ ਕੋ ਕਰੀਅਹੁ ਹਰਿ ਭਾਵੈ ਦਾਸਾ ਰਾਖੁ ਸੰਗਾ॥ (੧੦੮੨)

ਇਸ ਸ਼ਬਦ ਵਿੱਚ ਸਰਬ ਵਿਆਪਕ ਹੋਂਦ ਨਿਰਗੁਣ ਤੇ ਸਰਗੁਣ ਰੂਪ ਦੀ ਸਿਫ਼ਤਿ ਸਲਾਹ ਦੇ ਸੋਹਿਲੇ ਗਾਇਨ ਕੀਤੇ ਹਨ।

- ਆਦਿ ਪੁਰਖ ਕਰਤਾਰ ਕਰਣ ਕਾਰਣ ਸਭ ਆਪੇ॥ ਸਰਬ ਰਹਿਓ ਭਰਪੂਰਿ ਸਗਲ ਘਟ ਰਹਿਓ ਬਿਆਪੇ॥
ਬ੍ਰਾਪਤੁ ਦੇਖੀਐ ਜਗਤਿ ਜਾਨੈ ਕਉਨੁ ਤੇਰੀ ਗਤਿ ਸਰਬ ਕੀ ਰਖ੍ਹਾ ਕਰੈ ਆਪੇ ਹਰਿ ਪਤਿ॥
ਅਬਿਨਾਸੀ ਅਬਿਗਤ ਆਪੇ ਆਪਿ ਉਤਪਤਿ॥ ਏਕੈ ਤੂਹੀ ਏਕੈ ਅਨ ਨਾਹੀ ਤੁਮ ਭਤਿ॥
ਹਰਿ ਅੰਤੁ ਨਾਹੀ ਪਾਰਾਵਾਰੁ ਕਉਨੁ ਹੈ ਕਰੈ ਬੀਚਾਰੁ ਜਗਤ ਪਿਤਾ ਹੈ ਸ੍ਰਬ ਪ੍ਰਾਨ ਕੋ ਅਧਾਰੁ॥
ਜਨੁ ਨਾਨਕੁ ਭਗਤੁ ਦਰਿ ਤੁਲਿ ਬ੍ਰਹਮ ਸਮਸਰਿ ਏਕ ਜੀਹ ਕਿਆ ਬਖਾਨੈ॥ (੧੩੮੫)

ਨੋਟ:- ਇਨ੍ਹਾਂ ੯ ਸਵੱਇਆਂ ਵਿੱਚ ਪੰਚਮ ਪਾਤਸ਼ਾਹ ਨਿਰੰਕਾਰ ਦੀ ਉਸਤਤਿ ਕਰਦੇ ਹਨ। ਫਿਰ ਉਸ ਦੇ ਭਗਤ ਸ੍ਰੀ ਗੁਰੂ ਨਾਨਕ ਦੇਵ ਜੀ ਵਿੱਚ ਸ਼ਰਧਾ ਪ੍ਰਗਟ ਕਰਦੇ ਹਨ।

- ਹਾਂ ਕਿ ਬਲਿ ਬਲਿ ਬਲਿ ਬਲਿ ਸਦ ਬਲਿਹਾਰਿ॥
ਅੰਮ੍ਰਿਤ ਪ੍ਰਵਾਹ ਸਰਿ ਅਤੁਲ ਭੰਡਾਰ ਭਰਿ ਪਰੈ ਹੀ ਤੇ ਪਰੈ ਅਪਰ ਅਪਾਰ ਪਰਿ॥
ਆਪੁਨੋ ਭਾਵਨੁ ਕਰਿ ਮੰਤ੍ਰਿ ਨ ਦੂਸਰੋ ਧਰਿ ਓਪਤਿ ਪਰਲੌ ਏਕੈ ਨਿਮਖ ਤੁ ਘਰਿ॥
ਆਨ ਨਾਹੀ ਸਮਸਰਿ ਉਜੀਆਰੋ ਨਿਰਮਰਿ ਕੋਟਿ ਪਰਾਛਤ ਜਾਹਿ ਨਾਮ ਲੀਏ ਹਰਿ ਹਰਿ॥
ਜਨੁ ਨਾਨਕੁ ਭਗਤੁ ਦਰਿ ਤੁਲਿ ਬ੍ਰਹਮ ਸਮਸਰਿ ਏਕ ਜੀਹ ਕਿਆ ਬਖਾਨੈ॥
ਹਾਂ ਕਿ ਬਲਿ ਬਲਿ ਬਲਿ ਬਲਿ ਸਦ ਬਲਿਹਾਰਿ॥
ਸਗਲ ਭਵਨ ਧਾਰੇ ਏਕ ਥੇਂ ਕੀਏ ਬਿਸਥਾਰੇ ਪੂਰਿ ਰਹਿਓ ਸ੍ਰਬ ਮਹਿ ਆਪਿ ਹੈ ਨਿਰਾਰੇ॥
ਹਰਿ ਗੁਨ ਨਾਹੀ ਅੰਤ ਪਾਰੇ ਜੀਅ ਜੰਤ ਸਭਿ ਥਾਰੇ ਸਗਲ ਕੋ ਦਾਤਾ ਏਕੈ ਅਲਖ ਮੁਰਾਰੇ॥
ਆਪ ਹੀ ਧਾਰਨ ਧਾਰੇ ਕੁਦਰਤਿ ਹੈ ਦੇਖਾਰੇ ਬਰਨੁ ਚਿਹਨੁ ਨਾਹੀ ਮੁਖ ਨ ਮਸਾਰੇ॥
ਜਨੁ ਨਾਨਕੁ ਭਗਤੁ ਦਰਿ ਤੁਲਿ ਬ੍ਰਹਮ ਸਮਸਰਿ ਏਕ ਜੀਹ ਕਿਆ ਬਖਾਨੈ॥
ਹਾਂ ਕਿ ਬਲਿ ਬਲਿ ਬਲਿ ਬਲਿ ਸਦ ਬਲਿਹਾਰਿ॥
ਸਰਬ ਗੁਣ ਨਿਧਾਨੰ ਕੀਮਤਿ ਨ ਗ੍ਯਾਨੰ ਧ੍ਯਾਨੰ ਊਚੇ ਤੇ ਊਚੋਂ ਜਾਨੀਜੈ ਪ੍ਰਭ ਤੇਰੋ ਥਾਨੰ॥
ਮਨੁ ਧਨੁ ਤੇਰੋ ਪ੍ਰਾਨੰ ਏਕੈ ਸੂਤਿ ਹੈ ਜਹਾਨੰ ਕਵਨ ਉਪਮਾ ਦੇਉ ਬਡੇ ਤੇ ਬਡਾਨੰ॥
ਜਾਨੈ ਕਉਨੁ ਤੇਰੋ ਭੇਉ ਅਲਖ ਅਪਾਰ ਦੇਉ ਅਕਲ ਕਲਾ ਹੈ ਪ੍ਰਭ ਸਰਬ ਕੋ ਧਾਨੰ॥
ਜਨੁ ਨਾਨਕੁ ਭਗਤੁ ਦਰਿ ਤੁਲਿ ਬ੍ਰਹਮ ਸਮਸਰਿ ਏਕ ਜੀਹ ਕਿਆ ਬਖਾਨੈ॥
ਹਾਂ ਕਿ ਬਲਿ ਬਲਿ ਬਲਿ ਬਲਿ ਸਦ ਬਲਿਹਾਰਿ॥ ਨਿਰੰਕਾਰੁ ਆਕਾਰ ਅਛਲ ਪੂਰਨ ਅਬਿਨਾਸੀ॥
ਹਰਖਵੰਤ ਆਨੰਤ ਰੂਪ ਨਿਰਮਲ ਬਿਗਾਸੀ॥ਗੁਣ ਗਾਵਹਿ ਬੇਅੰਤ ਅੰਤੁ ਇਕੁ ਤਿਲੁ ਨਾਹੀ ਪਾਸੀ॥

ਜਾ ਕਉ ਹੋਂਹਿ ਕ੍ਰਿਪਾਲ ਸੁ ਜਨੁ ਪ੍ਰਭ ਤੁਮਹਿ ਮਿਲਾਸੀ॥
ਧੰਨਿ ਧੰਨਿ ਤੇ ਧੰਨਿ ਜਨ ਜਿਹ ਕ੍ਰਿਪਾਲੁ ਹਰਿ ਹਰਿ ਭਯਉ॥
ਹਰਿ ਗੁਰੁ ਨਾਨਕੁ ਜਿਨ ਪਰਸਿਅਉ ਸਿ ਜਨਮ ਮਰਣ ਦੁਹ ਥੇ ਰਹਿਓ॥
ਸਤਿ ਸਤਿ ਹਰਿ ਸਤਿ ਸਤਿ ਸਤੇ ਸਤਿ ਭਣੀਐ॥ ਦੂਸਰ ਆਨ ਨ ਅਵਰੁ ਪੁਰਖੁ ਪਊਰਾਤਨੁ ਸੁਣੀਐ॥
ਅੰਮ੍ਰਿਤੁ ਹਰਿ ਕੋ ਨਾਮੁ ਲੈਤ ਮਨਿ ਸਭ ਸੁਖ ਪਾਏ॥ ਜੇਹ ਰਸਨ ਚਾਖਿਓ ਤੇਹ ਜਨ ਤ੍ਰਿਪਤਿ ਅਘਾਏ॥
ਜਿਹ ਠਾਕੁਰੁ ਸੁਪ੍ਰਸੰਨੁ ਭਯੋ ਸਤਸੰਗਤਿ ਤਿਹ ਪਿਆਰੁ॥
ਹਰਿ ਗੁਰੁ ਨਾਨਕੁ ਜਿਨ੍ ਪਰਸਿਓ ਤਿਨ੍ ਸਭ ਕੁਲ ਕੀਓ ਉਧਾਰੁ॥
ਸਚੁ ਸਭਾ ਦੀਬਾਨੁ ਸਚੁ ਸਚੇ ਪਹਿ ਧਰਿਓ॥ ਸਚੈ ਤਖਤਿ ਨਿਵਾਸੁ ਸਚੁ ਤਪਾਵਸੁ ਕਰਿਓ॥
ਸਚਿ ਸਿਰਜ੍ਹਿਉ ਸੰਸਾਰੁ ਆਪਿ ਆਭੁਲੁ ਨ ਭੁਲਉ॥ ਰਤਨ ਨਾਮੁ ਅਪਾਰੁ ਕੀਮ ਨਹੁ ਪਵੈ ਅਮੁਲਉ॥
ਜਿਹ ਕ੍ਰਿਪਾਲੁ ਹੋਯਉ ਗੋਬਿੰਦੁ ਸਰਬ ਸੁਖ ਤਿਨਹੂ ਪਾਏ॥
ਹਰਿ ਗੁਰੁ ਨਾਨਕੁ ਜਿਨ੍ ਪਰਸਿਓ ਤੇ ਬਹੁੜਿ ਫਿਰਿ ਜੋਨਿ ਨ ਆਏ॥
ਕਵਨੁ ਜੋਗੁ ਕਉਨੁ ਗ੍ਯਾਨੁ ਧ੍ਯਾਨੁ ਕਵਨ ਬਿਧਿ ਉਸ੍ਤਤਿ ਕਰੀਐ॥
ਸਿਧ ਸਾਧਿਕ ਤੇਤੀਸ ਕੋਰਿ ਤਿਰੁ ਕੀਮ ਨ ਪਰੀਐ॥
ਬ੍ਰਹਮਾਦਿਕ ਸਨਕਾਦਿ ਸੇਖ ਗੁਣ ਅੰਤੁ ਨ ਪਾਏ॥ ਅਗਹੁ ਗਹਿਓ ਨਹੀ ਜਾਇ ਪੂਰਿ ਸ੍ਰਬ ਰਹਿਓ ਸਮਾਏ॥
ਜਿਹ ਕਾਟੀ ਸਿਲਕ ਦਯਾਲ ਪ੍ਰਭਿ ਸੇਇ ਜਨ ਲਗੇ ਭਗਤੇ॥
ਹਰਿ ਗੁਰੁ ਨਾਨਕੁ ਜਿਨ੍ ਪਰਸਿਓ ਤੇ ਇਤ ਉਤ ਸਦਾ ਮੁਕਤੇ॥
ਪ੍ਰਭ ਦਾਤਉ ਦਾਤਾਰ ਪਰ੍ਹਿਉ ਜਾਚਕੁ ਇਕੁ ਸਰਨਾ॥ ਮਿਲੈ ਦਾਨੁ ਸੰਤ ਰੇਨ ਜੇਹ ਲਗਿ ਭਉਜਲੁ ਤਰਨਾ॥
ਬਿਨਤਿ ਕਰਉ ਅਰਦਾਸਿ ਸੁਨਹੁ ਜੇ ਠਾਕੁਰ ਭਾਵੈ॥ ਦੇਹੁ ਦਰਸੁ ਮਨਿ ਚਾਉ ਭਗਤਿ ਇਹੁ ਮਨੁ ਠਹਰਾਵੈ॥
ਬਲਿਓ ਚਰਾਗੁ ਅੰਧ੍ਯਾਰ ਮਹਿ ਸਭ ਕਲਿ ਉਧਰੀ ਇਕ ਨਾਮ ਧਰਮ॥
ਪ੍ਰਗਟੁ ਸਗਲ ਹਰਿ ਭਵਨ ਮਹਿ ਜਨੁ ਨਾਨਕੁ ਗੁਰੁ ਪਾਰਬ੍ਰਹਮੁ॥ (੧੩੮੫)

– ਅਗਮ ਅਗੋਚਰਾ ਤੇਰਾ ਅੰਤੁ ਨ ਪਾਇਆ॥ ਅੰਤੋ ਨ ਪਾਇਆ ਕਿਨੈ ਤੇਰਾ ਆਪਣਾ ਆਪੁ ਤੂ ਜਾਣਹੇ॥
ਜੀਅ ਜੰਤ ਸਭਿ ਖੇਲੁ ਤੇਰਾ ਕਿਆ ਕੋ ਆਖਿ ਵਖਾਣਏ॥
ਆਖਹਿ ਤ ਵੇਖਹਿ ਸਭੁ ਤੂਹੈ ਜਿਨਿ ਜਗਤੁ ਉਪਾਇਆ॥
ਕਹੈ ਨਾਨਕੁ ਤੂ ਸਦਾ ਅਗੰਮੁ ਹੈ ਤੇਰਾ ਅੰਤੁ ਨ ਪਾਇਆ॥ (੯੧੮)

– ਹਾਥਿ ਕਲੰਮ ਅਗੰਮ ਮਸਤਕਿ ਲੇਖਾਵਤੀ॥ ਉਰਝਿ ਰਹਿਓ ਸਭ ਸੰਗਿ ਅਨੂਪ ਰੂਪਾਵਤੀ॥
ਉਸਤਤਿ ਕਹਨੁ ਨ ਜਾਇ ਮੁਖਹੁ ਤੁਹਾਰੀਆ॥ ਮੋਹੀ ਦੇਖਿ ਦਰਸੁ ਨਾਨਕ ਬਲਿਹਾਰੀਆ॥ (੧੩੬੧)

– ਤੁਧੁ ਧਿਆਇਨ੍ਹਿ ਬੇਦ ਕਤੇਬਾ ਸਣੁ ਖੜੇ॥ ਗਣਤੀ ਗਣੀ ਨ ਜਾਇ ਤੇਰੈ ਦਰਿ ਪੜੇ॥
ਬ੍ਰਹਮੇ ਤੁਧੁ ਧਿਆਇਨ੍ਹਿ ਇੰਦ੍ਰ ਇੰਦ੍ਰਾਸਣਾ॥ ਸੰਕਰ ਬਿਸਨ ਅਵਤਾਰ ਹਰਿ ਜਸੁ ਮੁਖਿ ਭਣਾ॥
ਪੀਰ ਪਿਕਾਬਰ ਸੇਖ ਮਸਾਇਕ ਅਉਲੀਏ॥ ਓਤਿ ਪੋਤਿ ਨਿਰੰਕਾਰ ਘਟਿ ਘਟਿ ਮਉਲੀਏ॥
ਕੂੜਹੁ ਕਰੇ ਵਿਣਾਸੁ ਧਰਮੇ ਤਗੀਐ॥ ਜਿਤੁ ਜਿਤੁ ਲਾਇਹਿ ਆਪਿ ਤਿਤੁ ਤਿਤੁ ਲਗੀਐ॥ (੫੧੮)

– ਵਡੀ ਹੂ ਵਡਾ ਅਪਾਰੁ ਤੇਰਾ ਮਰਤਬਾ॥ ਰੰਗ ਪਰੰਗ ਅਨੇਕ ਨ ਜਾਪਨ੍ਹਿ ਕਰਤਬਾ॥
ਜੀਆ ਅੰਦਰਿ ਜੀਉ ਸਭੁ ਕਿਛੁ ਜਾਣਲਾ॥ ਸਭੁ ਕਿਛੁ ਤੇਰੈ ਵਸਿ ਤੇਰਾ ਘਰੁ ਭਲਾ॥
ਤੇਰੈ ਘਰਿ ਆਨੰਦੁ ਵਧਾਈ ਤੁਧੁ ਘਰਿ॥ ਮਾਣੁ ਮਹਤਾ ਤੇਜੁ ਆਪਣਾ ਆਪਿ ਜਰਿ॥
ਸਰਬ ਕਲਾ ਭਰਪੂਰੁ ਦਿਸੈ ਜਤ ਕਤਾ॥ ਨਾਨਕ ਦਾਸਨਿ ਦਾਸੁ ਤੁਧੁ ਆਗੈ ਬਿਨਵਤਾ॥ (੯੬੫)

– ਹਉ ਕਿਆ ਸਾਲਾਹੀ ਕਿਰਮ ਜੰਤੁ ਵਡੀ ਤੇਰੀ ਵਡਿਆਈ॥

ਤੂ ਅਗਮ ਦਇਆਲੁ ਅਗੰਮੁ ਹੈ ਆਪਿ ਲੈਹਿ ਮਿਲਾਈ॥
ਮੈ ਤੁਝ ਬਿਨੁ ਬੇਲੀ ਕੋ ਨਹੀ ਤੂ ਅੰਤਿ ਸਖਾਈ॥ ਜੋ ਤੇਰੀ ਸਰਣਾਗਤੀ ਤਿਨ ਲੈਹਿ ਛਡਾਈ॥
ਨਾਨਕ ਵੇਪਰਵਾਹੁ ਹੈ ਤਿਸੁ ਤਿਲੁ ਨ ਤਮਾਈ॥ (੭੯੨)

– ਸੁਣਿ ਵਡਾ ਆਖੈ ਸਭੁ ਕੋਇ॥ ਕੇਵਡੁ ਵਡਾ ਡੀਠਾ ਹੋਇ॥
ਕੀਮਤਿ ਪਾਇ ਨ ਕਹਿਆ ਜਾਇ॥ ਕਹਣੈ ਵਾਲੇ ਤੇਰੇ ਰਹੇ ਸਮਾਇ॥
ਵਡੇ ਮੇਰੇ ਸਾਹਿਬਾ ਗਹਿਰ ਗੰਭੀਰਾ ਗੁਣੀ ਗਹੀਰਾ॥ ਕੋਇ ਨ ਜਾਣੈ ਤੇਰਾ ਕੇਤਾ ਕੇਵਡੁ ਚੀਰਾ॥ਰਹਾਉ॥
ਸਭਿ ਸੁਰਤੀ ਮਿਲਿ ਸੁਰਤਿ ਕਮਾਈ॥ ਸਭ ਕੀਮਤਿ ਮਿਲਿ ਕੀਮਤਿ ਪਾਈ॥
ਗਿਆਨੀ ਧਿਆਨੀ ਗੁਰ ਗੁਰਹਾਈ॥ ਕਹਣੁ ਨ ਜਾਈ ਤੇਰੀ ਤਿਲੁ ਵਡਿਆਈ॥
ਸਭਿ ਸਤ ਸਭਿ ਤਪ ਸਭਿ ਚੰਗਿਆਈਆ॥ ਸਿਧਾ ਪੁਰਖਾ ਕੀਆ ਵਡਿਆਈਆ॥
ਤੁਧੁ ਵਿਣੁ ਸਿਧੀ ਕਿਨੈ ਨ ਪਾਈਆ॥ ਕਰਮਿ ਮਿਲੈ ਨਾਹੀ ਠਾਕਿ ਰਹਾਈਆ॥
ਆਖਣ ਵਾਲਾ ਕਿਆ ਵੇਚਾਰਾ॥ ਸਿਫਤੀ ਭਰੇ ਤੇਰੇ ਭੰਡਾਰਾ॥
ਜਿਸੁ ਤੂ ਦੇਹਿ ਤਿਸੈ ਕਿਆ ਚਾਰਾ॥ ਨਾਨਕ ਸਚੁ ਸਵਾਰਣਹਾਰਾ॥ (੯)

– ਆਖਾ ਜੀਵਾ ਵਿਸਰੈ ਮਰਿ ਜਾਉ॥ ਆਖਣਿ ਅਉਖਾ ਸਾਚਾ ਨਾਉ॥
ਸਾਚੇ ਨਾਮ ਕੀ ਲਾਗੈ ਭੂਖ॥ ਉਤੁ ਭੂਖੈ ਖਾਇ ਚਲੀਅਹਿ ਦੂਖ॥
ਸੋ ਕਿਉ ਵਿਸਰੈ ਮੇਰੀ ਮਾਇ॥ ਸਾਚਾ ਸਾਹਿਬੁ ਸਾਚੈ ਨਾਇ॥ਰਹਾਉ॥
ਸਾਚੇ ਨਾਮ ਕੀ ਤਿਲੁ ਵਡਿਆਈ॥ ਆਖਿ ਥਕੇ ਕੀਮਤਿ ਨਹੀ ਪਾਈ॥
ਜੇ ਸਭਿ ਮਿਲਿ ਕੈ ਆਖਣ ਪਾਹਿ॥ ਵਡਾ ਨ ਹੋਵੈ ਘਾਟਿ ਨ ਜਾਇ॥
ਨਾ ਓਹੁ ਮਰੈ ਨ ਹੋਵੈ ਸੋਗੁ॥ ਦੇਦਾ ਰਹੈ ਨ ਚੂਕੈ ਭੋਗੁ॥
ਗੁਣੁ ਏਹੋ ਹੋਰੁ ਨਾਹੀ ਕੋਇ॥ ਨਾ ਕੋ ਹੋਆ ਨਾ ਕੋ ਹੋਇ॥
ਜੇਵਡੁ ਆਪਿ ਤੇਵਡ ਤੇਰੀ ਦਾਤਿ॥ ਜਿਨਿ ਦਿਨੁ ਕਰਿ ਕੈ ਕੀਤੀ ਰਾਤਿ॥
ਖਸਮੁ ਵਿਸਾਰਹਿ ਤੇ ਕਮਜਾਤਿ॥ ਨਾਨਕ ਨਾਵੈ ਬਾਝੁ ਸਨਾਤਿ॥ (੯)

– ਦਰਿ ਮੰਗਤੁ ਜਾਚੈ ਦਾਨੁ ਹਰਿ ਦੀਜੈ ਕ੍ਰਿਪਾ ਕਰਿ॥ ਗੁਰਮੁਖਿ ਲੇਹੁ ਮਿਲਾਇ ਜਨੁ ਪਾਵੈ ਨਾਮੁ ਹਰਿ॥
ਅਨਹਦ ਸਬਦੁ ਵਜਾਇ ਜੋਤੀ ਜੋਤਿ ਧਰਿ॥ ਹਿਰਦੈ ਹਰਿ ਗੁਣ ਗਾਇ ਜੈ ਜੈ ਸਬਦੁ ਹਰਿ॥
ਜਗ ਮਹਿ ਵਰਤੈ ਆਪਿ ਹਰਿ ਸੇਤੀ ਪ੍ਰੀਤਿ ਕਰਿ॥ (੭੯੦)

– ਤੂੰ ਘਟ ਘਟ ਅੰਤਰਿ ਸਰਬ ਨਿਰੰਤਰਿ ਜੀ ਹਰਿ ਏਕੋ ਪੁਰਖੁ ਸਮਾਣਾ॥
ਇਕਿ ਦਾਤੇ ਇਕਿ ਭੇਖਾਰੀ ਜੀ ਸਭਿ ਤੇਰੇ ਚੋਜ ਵਿਡਾਣਾ॥
ਤੂੰ ਆਪੇ ਦਾਤਾ ਆਪੇ ਭੁਗਤਾ ਜੀ ਹਉ ਤੁਧੁ ਬਿਨੁ ਅਵਰੁ ਨ ਜਾਣਾ॥
ਤੂੰ ਪਾਰਬ੍ਰਹਮੁ ਬੇਅੰਤੁ ਬੇਅੰਤੁ ਜੀ ਤੇਰੇ ਕਿਆ ਗੁਣ ਆਖਿ ਵਖਾਣਾ॥
ਜੋ ਸੇਵਹਿ ਜੋ ਸੇਵਹਿ ਤੁਧੁ ਜੀ ਜਨੁ ਨਾਨਕੁ ਤਿਨ ਕੁਰਬਾਣਾ॥ (੧੧)

– ਤੂੰ ਆਦਿ ਪੁਰਖੁ ਅਪਰੰਪਰੁ ਕਰਤਾ ਜੀ ਤੁਧੁ ਜੇਵਡੁ ਅਵਰੁ ਨ ਕੋਈ॥
ਤੂੰ ਜੁਗੁ ਜੁਗੁ ਏਕੋ ਸਦਾ ਸਦਾ ਤੂੰ ਏਕੋ ਜੀ ਤੂੰ ਨਿਹਚਲੁ ਕਰਤਾ ਸੋਈ॥
ਤੁਧੁ ਆਪੇ ਭਾਵੈ ਸੋਈ ਵਰਤੈ ਜੀ ਤੂੰ ਆਪੇ ਕਰਹਿ ਸੁ ਹੋਈ॥
ਤੁਧੁ ਆਪੇ ਸ੍ਰਿਸਟਿ ਸਭ ਉਪਾਈ ਜੀ ਤੁਧੁ ਆਪੇ ਸਿਰਜਿ ਸਭ ਗੋਈ॥
ਜਨੁ ਨਾਨਕੁ ਗੁਣ ਗਾਵੈ ਕਰਤੇ ਕੇ ਜੀ ਜੋ ਸਭਸੈ ਕਾ ਜਾਣੋਈ॥ (੧੧)

– ਤੂ ਦਰੀਆਉ ਦਾਨਾ ਬੀਨਾ ਮੈ ਮਛੁਲੀ ਕੈਸੇ ਅੰਤੁ ਲਹਾ॥
ਜਹ ਜਹ ਦੇਖਾ ਤਹ ਤਹ ਤੂ ਹੈ ਤੁਝ ਤੇ ਨਿਕਸੀ ਫੂਟਿ ਮਰਾ॥

ਨ ਜਾਣਾ ਮੇਉ ਨ ਜਾਣਾ ਜਾਲੀ॥ ਜਾ ਦੁਖੁ ਲਾਗੈ ਤਾ ਤੁਝੈ ਸਮਾਲੀ॥ਰਹਾਉ॥
ਤੂ ਭਰਪੂਰਿ ਜਾਨਿਆ ਮੈ ਦੂਰਿ॥ ਜੋ ਕਛੁ ਕਰੀ ਸੁ ਤੇਰੈ ਹਦੂਰਿ॥
ਤੂ ਦੇਖਹਿ ਹਉ ਮੁਕਰਿ ਪਾਉ॥ ਤੇਰੈ ਕੰਮਿ ਨ ਤੇਰੈ ਨਾਇ॥
ਜੇਤਾ ਦੇਹਿ ਤੇਤਾ ਹਉ ਖਾਉ॥ ਬਿਆ ਦਰੁ ਨਾਹੀ ਕੈ ਦਰਿ ਜਾਉ॥
ਨਾਨਕੁ ਏਕ ਕਹੈ ਅਰਦਾਸਿ॥ ਜੀਉ ਪਿੰਡੁ ਸਭੁ ਤੇਰੈ ਪਾਸਿ॥ (੨੫)

– ਕਉਣ ਤਰਾਜੀ ਕਵਣੁ ਤੁਲਾ ਤੇਰਾ ਕਵਣੁ ਸਰਾਫੁ ਬੁਲਾਵਾ॥
ਕਉਣੁ ਗੁਰੂ ਕੈ ਪਹਿ ਦੀਖਿਆ ਲੇਵਾ ਕੈ ਪਹਿ ਮੁਲੁ ਕਰਾਵਾ॥
ਮੇਰੇ ਲਾਲ ਜੀਉ ਤੇਰਾ ਅੰਤੁ ਨ ਜਾਣਾ॥
ਤੂੰ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਤੂੰ ਆਪੇ ਸਰਬ ਸਮਾਣਾ॥ਰਹਾਉ॥
ਮਨੁ ਤਾਰਾਜੀ ਚਿਤੁ ਤੁਲਾ ਤੇਰੀ ਸੇਵ ਸਰਾਫੁ ਕਮਾਵਾ॥ਘਟ ਹੀ ਭੀਤਰਿ ਸੋ ਸਹੁ ਤੋਲੀ ਇਨ ਬਿਧਿ ਚਿਤੁ ਰਹਾਵਾ॥
ਆਪੇ ਕੰਡਾ ਤੋਲੁ ਤਰਾਜੀ ਆਪੇ ਤੋਲਣਹਾਰਾ॥ ਆਪੇ ਦੇਖੈ ਆਪੇ ਬੂਝੈ ਆਪੇ ਹੈ ਵਣਜਾਰਾ॥
ਅੰਧੁਲਾ ਨੀਚ ਜਾਤਿ ਪਰਦੇਸੀ ਖਿਨੁ ਆਵੈ ਤਿਲੁ ਜਾਵੈ॥
ਤਾ ਕੀ ਸੰਗਤਿ ਨਾਨਕੁ ਰਹਦਾ ਕਿਉ ਕਰਿ ਮੂੜਾ ਪਾਵੈ॥ (੭੩੦)

– ਤੂ ਸੁਲਤਾਨੁ ਕਹਾ ਹਉ ਮੀਆ ਤੇਰੀ ਕਵਨ ਵਡਾਈ॥ ਜੋ ਤੂ ਦੇਹਿ ਸੁ ਕਹਾ ਸੁਆਮੀ ਮੈ ਮੂਰਖ ਕਹਣੁ ਨ ਜਾਈ॥
ਤੇਰੇ ਗੁਣ ਗਾਵਾ ਦੇਹਿ ਬੁਝਾਈ॥ ਜੈਸੇ ਸਚ ਮਹਿ ਰਹਉ ਰਜਾਈ॥ਰਹਾਉ॥
ਜੋ ਕਿਛੁ ਹੋਆ ਸਭੁ ਕਿਛੁ ਤੁਝ ਤੇ ਤੇਰੀ ਸਭ ਅਸਨਾਈ॥
ਤੇਰਾ ਅੰਤੁ ਨ ਜਾਣਾ ਮੇਰੇ ਸਾਹਿਬ ਮੈ ਅੰਧੁਲੇ ਕਿਆ ਚਤੁਰਾਈ॥
ਕਿਆ ਹਉ ਕਥੀ ਕਥੇ ਕਥਿ ਦੇਖਾ ਮੈ ਅਕਥੁ ਨ ਕਥਨਾ ਜਾਈ॥
ਜੋ ਤੁਧੁ ਭਾਵੈ ਸੋਈ ਆਖਾ ਤਿਲੁ ਤੇਰੀ ਵਡਿਆਈ॥ ਏਤੇ ਕੂਕਰ ਹਉ ਬੇਗਾਨਾ ਭਉਕਾ ਇਸੁ ਤਨ ਤਾਈ॥
ਭਗਤਿ ਹੀਣੁ ਨਾਨਕੁ ਜੇ ਹੋਇਗਾ ਤਾ ਖਸਮੈ ਨਾਉ ਨ ਜਾਈ॥ (੭੯੫)

– ਹੇ ਅਚੁਤ ਹੇ ਪਾਰਬ੍ਰਹਮ ਅਬਿਨਾਸੀ ਅਘਨਾਸ॥ ਹੇ ਪੂਰਨ ਹੇ ਸਰਬ ਮੈ ਦੁਖ ਭੰਜਨ ਗੁਣਤਾਸ॥
ਹੇ ਸੰਗੀ ਹੇ ਨਿਰੰਕਾਰ ਹੇ ਨਿਰਗੁਣ ਸਭ ਟੇਕ॥ ਹੇ ਗੋਬਿਦ ਹੇ ਗੁਣ ਨਿਧਾਨ ਜਾ ਕੈ ਸਦਾ ਬਿਬੇਕ॥
ਹੇ ਅਪਰੰਪਰ ਹਰਿ ਹਰੇ ਹਹਿ ਭੀ ਹੋਵਨਹਾਰ॥ ਹੇ ਸੰਤਹ ਕੈ ਸਦਾ ਸੰਗਿ ਨਿਧਾਰਾ ਆਧਾਰ॥
ਹੇ ਠਾਕੁਰ ਹਉ ਦਾਸਰੋ ਮੈ ਨਿਰਗੁਨ ਗੁਨੁ ਨਹੀ ਕੋਇ॥ ਨਾਨਕ ਦੀਜੈ ਨਾਮ ਦਾਨੁ ਰਾਖਉ ਹੀਐ ਪਰੋਇ॥ (੨੬੧)

– ਹੇ ਪ੍ਰਾਣ ਨਾਥ ਗੋਬਿੰਦਹ ਕ੍ਰਿਪਾ ਨਿਧਾਨ ਜਗਦ ਗੁਰੋ॥ ਹੇ ਸੰਸਾਰ ਤਾਪ ਹਰਣਹ ਕਰੁਣਾ ਮੈ ਸਭ ਦੁਖ ਹਰੋ॥
ਹੇ ਸਰਣਿ ਜੋਗ ਦਯਾਲਹ ਦੀਨਾ ਨਾਥ ਮਯਾ ਕਰੋ॥
ਸਰੀਰ ਸ੍ਵਸਥ ਖੀਣ ਸਮਏ ਸਿਮਰੰਤਿ ਨਾਨਕ ਰਾਮ ਦਾਮੋਦਰ ਮਾਧਵਹ॥ (੧੩੫੮)

– ਹੇ ਗੋਬਿੰਦ ਹੇ ਗੋਪਾਲ ਹੇ ਦਇਆਲ ਲਾਲ॥ਰਹਾਉ॥
ਪ੍ਰਾਨ ਨਾਥ ਅਨਾਥ ਸਖੇ ਦੀਨ ਦਰਦ ਨਿਵਾਰ॥ ਹੇ ਸਮ੍ਰਥ ਅਗਮ ਪੂਰਨ ਮੋਹਿ ਮਇਆ ਧਾਰਿ॥
ਅੰਧ ਕੂਪ ਮਹਾ ਭਇਆਨ ਨਾਨਕ ਪਾਰਿ ਉਤਾਰ॥ (੧੨੭੩)

– ਲਾਲ ਗੋਪਾਲ ਦਇਆਲ ਰੰਗੀਲੇ॥ ਗਹਿਰ ਗੰਭੀਰ ਬੇਅੰਤ ਗੋਵਿੰਦੇ॥
ਊਚ ਅਥਾਹ ਬੇਅੰਤ ਸੁਆਮੀ ਸਿਮਰਿ ਸਿਮਰਿ ਹਉ ਜੀਵਾਂ ਜੀਉ॥
ਦੁਖ ਭੰਜਨ ਨਿਧਾਨ ਅਮੋਲੇ॥ ਨਿਰਭਉ ਨਿਰਵੈਰ ਅਥਾਹ ਅਤੋਲੇ॥
ਅਕਾਲ ਮੂਰਤਿ ਅਜੂਨੀ ਸੰਭੌ ਮਨ ਸਿਮਰਤ ਠੰਢਾ ਥੀਵਾਂ ਜੀਉ॥
ਸਦਾ ਸੰਗੀ ਹਰਿ ਰੰਗ ਗੋਪਾਲਾ॥ ਊਚ ਨੀਚ ਕਰੇ ਪ੍ਰਤਿਪਾਲਾ॥

ਨਾਮੁ ਰਸਾਇਣੁ ਮਨੁ ਤ੍ਰਿਪਤਾਇਣੁ ਗੁਰਮੁਖਿ ਅੰਮ੍ਰਿਤੁ ਪੀਵਾਂ ਜੀਉ॥
ਦੁਖਿ ਸੁਖਿ ਪਿਆਰੇ ਤੁਧੁ ਧਿਆਈ॥ ਏਹ ਸੁਮਤਿ ਗੁਰੂ ਤੇ ਪਾਈ॥
ਨਾਨਕ ਕੀ ਧਰ ਤੂੰਹੈ ਠਾਕੁਰ ਹਰਿ ਰੰਗਿ ਪਾਰਿ ਪਰੀਵਾਂ ਜੀਉ॥ (੯੯)

– ਨਾ ਕੋ ਮੂਰਖੁ ਨਾ ਕੋ ਸਿਆਣਾ॥ ਵਰਤੈ ਸਭ ਕਿਛੁ ਤੇਰਾ ਭਾਣਾ॥
ਅਗਮ ਅਗੋਚਰ ਬੇਅੰਤ ਅਥਾਹਾ ਤੇਰੀ ਕੀਮਤਿ ਕਹਣੁ ਨ ਜਾਈ ਜੀਉ॥
ਖਾਕੁ ਸੰਤਨ ਕੀ ਦੇਹੁ ਪਿਆਰੇ॥ ਆਇ ਪਇਆ ਹਰਿ ਤੇਰੈ ਦੁਆਰੈ॥
ਦਰਸਨੁ ਪੇਖਤ ਮਨੁ ਆਘਾਵੈ ਨਾਨਕ ਮਿਲਣੁ ਸੁਭਾਈ ਜੀਉ॥ (੯੮)

– ਪ੍ਰਭ ਬਖਸੰਦ ਦੀਨ ਦਇਆਲ॥ ਭਗਤਿ ਵਛਲ ਸਦਾ ਕਿਰਪਾਲ॥
ਅਨਾਥ ਨਾਥ ਗੋਬਿੰਦ ਗੁਪਾਲ॥ ਸਰਬ ਘਟਾ ਕਰਤ ਪ੍ਰਤਿਪਾਲ॥
ਆਦਿ ਪੁਰਖ ਕਾਰਣ ਕਰਤਾਰ॥ ਭਗਤ ਜਨਾ ਕੇ ਪ੍ਰਾਨ ਅਧਾਰ॥
ਜੋ ਜੋ ਜਪੈ ਸੁ ਹੋਇ ਪੁਨੀਤ॥ ਭਗਤਿ ਭਾਇ ਲਾਵੈ ਮਨ ਹੀਤ॥
ਹਮ ਨਿਰਗੁਨੀਆਰ ਨੀਚ ਅਜਾਨ॥ ਨਾਨਕ ਤੁਮਰੀ ਸਰਨਿ ਪੁਰਖ ਭਗਵਾਨ॥ (੨੯੦)

– ਤੁਮ ਦਾਤੇ ਠਾਕੁਰ ਪ੍ਰਤਿਪਾਲਕ ਨਾਇਕ ਖਸਮ ਹਮਾਰੇ॥
ਨਿਮਖ ਨਿਮਖ ਤੁਮ ਹੀ ਪ੍ਰਤਿਪਾਲਹੁ ਹਮ ਬਾਰਿਕ ਤੁਮਰੇ ਧਾਰੇ॥
ਜਿਹਵਾ ਏਕ ਕਵਨ ਗੁਨ ਕਹੀਐ॥ ਬੇਸੁਮਾਰ ਬੇਅੰਤ ਸੁਆਮੀ ਤੇਰੋ ਅੰਤੁ ਨ ਕਿਨ ਹੀ ਲਹੀਐ॥ਰਹਾਉ॥
ਕੋਟਿ ਪਰਾਧ ਹਮਾਰੇ ਖੰਡਹੁ ਅਨਿਕ ਬਿਧੀ ਸਮਝਾਵਹੁ॥
ਹਮ ਅਗਿਆਨ ਅਲਪ ਮਤਿ ਥੋਰੀ ਤੁਮ ਆਪਨ ਬਿਰਦੁ ਰਖਾਵਹੁ॥
ਤੁਮਰੀ ਸਰਣਿ ਤੁਮਾਰੀ ਆਸਾ ਤੁਮ ਹੀ ਸਜਨ ਸੁਹੇਲੇ॥
ਰਾਖਹੁ ਰਾਖਨਹਾਰ ਦਇਆਲਾ ਨਾਨਕ ਘਰ ਕੇ ਗੋਲੇ॥ (੬੭੩)

– ਰਾਖਹੁ ਅਪਨੀ ਸਰਣਿ ਪ੍ਰਭ ਮੋਹਿ ਕਿਰਪਾ ਧਾਰੇ॥ ਸੇਵਾ ਕਛੂ ਨ ਜਾਨਊ ਨੀਚੁ ਮੂਰਖਾਰੇ॥
ਮਾਨੁ ਕਰਉ ਤੁਧੁ ਊਪਰੇ ਮੇਰੇ ਪ੍ਰੀਤਮ ਪਿਆਰੇ॥ ਹਮ ਅਪਰਾਧੀ ਸਦ ਭੂਲਤੇ ਤੁਮ੍ ਬਖਸਨਹਾਰੇ॥ਰਹਾਉ॥
ਹਮ ਅਵਗਨ ਕਰਹ ਅਸੰਖ ਨੀਤਿ ਤੁਮ੍ ਨਿਰਗੁਨ ਦਾਤਾਰੇ॥
ਦਾਸੀ ਸੰਗਤਿ ਪ੍ਰਭੂ ਤਿਆਗਿ ਏ ਕਰਮ ਹਮਾਰੇ॥
ਤੁਮ੍ ਦੇਵਹੁ ਸਭੁ ਕਿਛੁ ਦਇਆ ਧਾਰਿ ਹਮ ਅਕਿਰਤਘਨਾਰੇ॥
ਲਾਗਿ ਪਰੇ ਤੇਰੇ ਦਾਨ ਸਿਉ ਨਹ ਚਿਤਿ ਖਸਮਾਰੇ॥ ਤੁਝ ਤੇ ਬਾਹਰਿ ਕਿਛੁ ਨਹੀ ਭਵ ਕਾਟਨਹਾਰੇ॥
ਕਹੁ ਨਾਨਕ ਸਰਣਿ ਦਇਆਲ ਗੁਰ ਲੇਹੁ ਮੁਗਧ ਉਧਾਰੇ॥ (੮੦੯)

– ਮੇਲਿ ਲੈਹੁ ਦਇਆਲ ਢਹਿ ਪਏ ਦੁਆਰਿਆ॥ ਰਖਿ ਲੇਵਹੁ ਦੀਨ ਦਇਆਲ ਕ੍ਰਮਤ ਬਹੁ ਹਾਰਿਆ॥
ਭਗਤਿ ਵਛਲੁ ਤੇਰਾ ਬਿਰਦੁ ਹਰਿ ਪਤਿਤ ਉਧਾਰਿਆ॥
ਤੁਝ ਬਿਨੁ ਨਾਹੀ ਕੋਇ ਬਿਨਉ ਮੋਹਿ ਸਾਰਿਆ॥ ਕਰੁ ਗਹਿ ਲੇਹੁ ਦਇਆਲ ਸਾਗਰ ਸੰਸਾਰਿਆ॥ (੭੦੯)

– ਜਾਚਕੁ ਮੰਗੈ ਦਾਨੁ ਦੇਹਿ ਪਿਆਰਿਆ॥ ਦੇਵਣਹਾਰੁ ਦਾਤਾਰੁ ਮੈ ਨਿਤ ਚਿਤਾਰਿਆ॥
ਨਿਖੁਟਿ ਨ ਜਾਈ ਮੂਲਿ ਅਤੁਲ ਭੰਡਾਰਿਆ॥ ਨਾਨਕ ਸਬਦੁ ਅਪਾਰੁ ਤਿਨਿ ਸਭੁ ਕਿਛੁ ਸਾਰਿਆ॥ (੩੨੦)

– ਤੂ ਬੇਅੰਤੁ ਕੋ ਵਿਰਲਾ ਜਾਣੈ॥ ਗੁਰ ਪ੍ਰਸਾਦਿ ਕੋ ਸਬਦਿ ਪਛਾਣੈ॥
ਸੇਵਕ ਕੀ ਅਰਦਾਸਿ ਪਿਆਰੇ॥ ਜਪਿ ਜੀਵਾ ਪ੍ਰਭ ਚਰਣ ਤੁਮਾਰੇ॥ਰਹਾਉ॥
ਦਇਆਲ ਪੁਰਖ ਮੇਰੇ ਪ੍ਰਭ ਦਾਤੇ॥ ਜਿਸਹਿ ਜਨਾਵਹੁ ਤਿਨਹਿ ਤੁਮ ਜਾਤੇ॥

ਸਦਾ ਸਦਾ ਜਾਈ ਬਲਿਹਾਰੀ॥ ਇਤ ਉਤ ਦੇਖਉ ਓਟ ਤੁਮਾਰੀ॥
ਮੋਹਿ ਨਿਰਗੁਣ ਗੁਣ ਕਿਛੂ ਨ ਜਾਤਾ॥ ਨਾਨਕ ਸਾਧੂ ਦੇਖਿ ਮਨੁ ਰਾਤਾ॥ (੫੬੨)

– ਪ੍ਰਭ ਜੀ ਤੂ ਮੇਰੇ ਪ੍ਰਾਨ ਅਧਾਰੈ॥ ਨਮਸਕਾਰ ਡੰਡਉਤਿ ਬੰਦਨਾ ਅਨਿਕ ਬਾਰ ਜਾਉ ਬਾਰੈ॥ਰਹਾਉ॥
ਊਠਤ ਬੈਠਤ ਸੋਵਤ ਜਾਗਤ ਇਹੁ ਮਨੁ ਤੁਝਹਿ ਚਿਤਾਰੈ॥ ਸੂਖ ਦੂਖ ਇਸੁ ਮਨ ਕੀ ਬਿਰਥਾ ਤੁਝ ਹੀ ਆਗੈ ਸਾਰੈ॥
ਤੂ ਮੇਰੀ ਓਟ ਬਲ ਬੁਧਿ ਧਨੁ ਤੁਮ ਹੀ ਤੁਮਹਿ ਮੇਰੈ ਪਰਵਾਰੈ॥
ਜੋ ਤੁਮ ਕਰਹੁ ਸੋਈ ਭਲ ਹਮਰੈ ਪੇਖਿ ਨਾਨਕ ਸੁਖ ਚਰਨਾਰੈ॥ (੮੨੦)

– ਸੁਨਹੁ ਬਿਨੰਤੀ ਠਾਕੁਰੁ ਮੇਰੇ ਜੀਅ ਜੰਤ ਤੇਰੇ ਧਾਰੇ॥ ਰਾਖੁ ਪੈਜ ਨਾਮ ਅਪੁਨੇ ਕੀ ਕਰਨ ਕਰਾਵਨਹਾਰੇ॥
ਪ੍ਰਭ ਜੀਉ ਖਸਮਾਨਾ ਕਰਿ ਪਿਆਰੇ॥ ਬੁਰੇ ਭਲੇ ਹਮ ਥਾਰੇ॥ਰਹਾਉ॥
ਸੁਣੀ ਪੁਕਾਰ ਸਮਰਥ ਸੁਆਮੀ ਬੰਧਨ ਕਾਟਿ ਸਵਾਰੇ॥
ਪਹਿਰਿ ਸਿਰਪਾਉ ਸੇਵਕ ਜਨ ਮੇਲੇ ਨਾਨਕ ਪ੍ਰਗਟ ਪਹਾਰੇ॥ (੬੩੧)

– ਸ੍ਵਾਮੀ ਸਰਨਿ ਪਰਿਓ ਦਰਬਾਰੇ॥ ਕੋਟਿ ਅਪਰਾਧ ਖੰਡਨ ਕੇ ਦਾਤੇ ਤੁਝ ਬਿਨੁ ਕਉਨੁ ਉਧਾਰੇ॥ਰਹਾਉ॥
ਖੋਜਤ ਖੋਜਤ ਬਹੁ ਪਰਕਾਰੇ ਸਰਬ ਅਰਥ ਬੀਚਾਰੇ॥
ਸਾਧਸੰਗਿ ਪਰਮ ਗਤਿ ਪਾਈਐ ਮਾਇਆ ਰਚਿ ਬੰਧਿ ਹਾਰੇ॥
ਚਰਨ ਕਮਲ ਸੰਗਿ ਪ੍ਰੀਤਿ ਮਨਿ ਲਾਗੀ ਸੁਰਿ ਜਨ ਮਿਲੇ ਪਿਆਰੇ॥
ਨਾਨਕ ਅਨਦ ਕਰੇ ਹਰਿ ਜਪਿ ਜਪਿ ਸਗਲੇ ਰੋਗ ਨਿਵਾਰੇ॥ (੭੧੪)

– ਊਚ ਅਪਾਰ ਬੇਅੰਤ ਸੁਆਮੀ ਕਉਨੁ ਜਾਣੈ ਗੁਣ ਤੇਰੇ॥ਗਾਵਤੇ ਉਧਰਹਿ ਸੁਣਤੇ ਉਧਰਹਿ ਬਿਨਸਹਿ ਪਾਪ ਘਨੇਰੇ॥
ਪਸੂ ਪਰੇਤ ਮੁਗਧ ਕਉ ਤਾਰੇ ਪਾਹਨ ਪਾਰਿ ਉਤਾਰੈ॥
ਨਾਨਕ ਦਾਸ ਤੇਰੀ ਸਰਣਾਈ ਸਦਾ ਸਦਾ ਬਲਿਹਾਰੈ॥ (੮੦੨)

– ਹਮ ਮੈਲੇ ਤੁਮ ਊਜਲ ਕਰਤੇ ਹਮ ਨਿਰਗੁਨ ਤੂ ਦਾਤਾ॥
ਹਮ ਮੂਰਖ ਤੁਮ ਚਤੁਰ ਸਿਆਣੇ ਤੂ ਸਰਬ ਕਲਾ ਕਾ ਗਿਆਤਾ॥
ਮਾਧੋ ਹਮ ਐਸੇ ਤੂ ਐਸਾ॥ ਹਮ ਪਾਪੀ ਤੁਮ ਪਾਪ ਖੰਡਨ ਨੀਕੋ ਠਾਕੁਰ ਦੇਸਾ॥ਰਹਾਉ॥
ਤੁਮ ਸਭ ਸਾਜੇ ਸਾਜਿ ਨਿਵਾਜੇ ਜੀਉ ਪਿੰਡੁ ਦੇ ਪ੍ਰਾਨਾ॥
ਨਿਰਗੁਨੀਆਰੇ ਗੁਨੁ ਨਹੀ ਕੋਈ ਤੁਮ ਦਾਨੁ ਦੇਹੁ ਮਿਹਰਵਾਨਾ॥
ਤੁਮ ਕਰਹੁ ਭਲਾ ਹਮ ਭਲੋ ਨ ਜਾਨਹ ਤੁਮ ਸਦਾ ਸਦਾ ਦਇਆਲਾ॥
ਤੁਮ ਸੁਖਦਾਈ ਪੁਰਖ ਬਿਧਾਤੇ ਤੁਮ ਰਾਖਹੁ ਅਪੁਨੇ ਬਾਲਾ॥
ਤੁਮ ਨਿਧਾਨ ਅਟਲ ਸੁਲਿਤਾਨ ਜੀਅ ਜੰਤ ਸਭਿ ਜਾਚੈ॥
ਕਹੁ ਨਾਨਕ ਹਮ ਇਹੈ ਹਵਾਲਾ ਰਾਖੁ ਸੰਤਨ ਕੈ ਪਾਛੈ॥ (੬੧੩)

– ਦਰਸਨੁ ਦੇਖਿ ਜੀਵਾ ਗੁਰ ਤੇਰਾ॥ ਪੂਰਨ ਕਰਮੁ ਹੋਇ ਪ੍ਰਭ ਮੇਰਾ॥
ਇਹ ਬੇਨੰਤੀ ਸੁਣਿ ਪ੍ਰਭ ਮੇਰੇ॥ ਦੇਹਿ ਨਾਮੁ ਕਰਿ ਅਪਣੇ ਚੇਰੇ॥ਰਹਾਉ॥
ਅਪਣੀ ਸਰਣਿ ਰਾਖੁ ਪ੍ਰਭ ਦਾਤੇ॥ ਗੁਰ ਪ੍ਰਸਾਦਿ ਕਿਨੈ ਵਿਰਲੈ ਜਾਤੇ॥
ਸੁਨਹੁ ਬਿਨਉ ਪ੍ਰਭ ਮੇਰੇ ਮੀਤਾ॥ ਚਰਣ ਕਮਲ ਵਸਹਿ ਮੇਰੈ ਚੀਤਾ॥
ਨਾਨਕੁ ਏਕ ਕਰੈ ਅਰਦਾਸਿ॥ ਵਿਸਰੁ ਨਾਹੀ ਪੂਰਨ ਗੁਣਤਾਸਿ॥ (੭੪੨)

– ਪਾਨੀ ਪਖਾ ਪੀਸਉ ਸੰਤ ਆਗੈ ਗੁਣ ਗੋਵਿੰਦ ਜਸੁ ਗਾਈ॥
ਸਾਸਿ ਸਾਸਿ ਮਨੁ ਨਾਮੁ ਸਮ੍ਹਾਰੈ ਇਹੁ ਬਿਸ੍ਰਾਮ ਨਿਧਿ ਪਾਈ॥
ਤੁਮ੍ ਕਰਹੁ ਦਇਆ ਮੇਰੇ ਸਾਈ॥ ਐਸੀ ਮਤਿ ਦੀਜੈ ਮੇਰੇ ਠਾਕੁਰ ਸਦਾ ਸਦਾ ਤੁਧੁ ਧਿਆਈ॥ਰਹਾਉ॥

ਤੁਮ੍ਰੀ ਕ੍ਰਿਪਾ ਤੇ ਮੋਹੁ ਮਾਨੁ ਛੂਟੈ ਬਿਨਸਿ ਜਾਇ ਭਰਮਾਈ॥
ਅਨਦ ਰੂਪੁ ਰਵਿਓ ਸਭ ਮਧੇ ਜਤ ਕਤ ਪੇਖਉ ਜਾਈ॥
ਤੁਮ੍ ਦਇਆਲ ਕਿਰਪਾਲ ਕ੍ਰਿਪਾ ਨਿਧਿ ਪਤਿਤ ਪਾਵਨ ਗੋਸਾਈ॥
ਕੋਟਿ ਸੂਖ ਆਨੰਦ ਰਾਜ ਪਾਏ ਮੁਖ ਤੇ ਨਿਮਖ ਬੁਲਾਈ॥
ਜਾਪ ਤਾਪ ਭਗਤਿ ਸਾ ਪੂਰੀ ਜੋ ਪ੍ਰਭ ਕੈ ਮਨਿ ਭਾਈ॥
ਨਾਮੁ ਜਪਤ ਤ੍ਰਿਸਨਾ ਸਭ ਬੁਝੀ ਹੈ ਨਾਨਕ ਤ੍ਰਿਪਤਿ ਅਘਾਈ॥ (੬੭੩)

– ਰਾਖੁ ਪਿਤਾ ਪ੍ਰਭ ਮੇਰੇ॥ ਮੋਹਿ ਨਿਰਗੁਨੁ ਸਭ ਗੁਨ ਤੇਰੇ॥ਰਹਾਉ॥
ਪੰਚ ਬਿਖਾਦੀ ਏਕੁ ਗਰੀਬਾ ਰਾਖਹੁ ਰਾਖਨਹਾਰੇ॥
ਖੇਦੁ ਕਰਹਿ ਅਰੁ ਬਹੁਤੁ ਸੰਤਾਵਹਿ ਆਇਓ ਸਰਨਿ ਤੁਹਾਰੇ॥
ਕਰਿ ਕਰਿ ਹਾਰਿਓ ਅਨਿਕ ਬਹੁ ਭਾਤੀ ਛੋਡਹਿ ਕਤਹੂੰ ਨਾਹੀ॥
ਏਕ ਬਾਤ ਸੁਨਿ ਤਾਕੀ ਓਟਾ ਸਾਧਸੰਗਿ ਮਿਟਿ ਜਾਹੀ॥
ਕਰਿ ਕਿਰਪਾ ਸੰਤ ਮਿਲੇ ਮੋਹਿ ਤਿਨ ਤੇ ਧੀਰਜੁ ਪਾਇਆ॥
ਸੰਤੀ ਮੰਤੁ ਦੀਓ ਮੋਹਿ ਨਿਰਭਉ ਗੁਰ ਕਾ ਸਬਦੁ ਕਮਾਇਆ॥
ਜੀਤਿ ਲਏ ਓਇ ਮਹਾ ਬਿਖਾਦੀ ਸਹਜ ਸੁਹੇਲੀ ਬਾਣੀ॥
ਕਹੁ ਨਾਨਕ ਮਨਿ ਭਇਆ ਪਰਗਾਸਾ ਪਾਇਆ ਪਦੁ ਨਿਰਬਾਣੀ॥ (੨੦੫)

– ਤੁਮ੍ ਸਮਰਥਾ ਕਾਰਨ ਕਰਨ॥ ਢਾਕਨ ਢਾਕਿ ਗੋਬਿਦ ਗੁਰ ਮੇਰੇ ਮੋਹਿ ਅਪਰਾਧੀ ਸਰਨ ਚਰਨ॥ਰਹਾਉ॥
ਜੋ ਜੋ ਕੀਨੋ ਸੋ ਤੁਮ੍ ਜਾਨਿਓ ਪੇਖਿਓ ਠਉਰ ਨਾਹੀ ਕਛੁ ਢੀਠ ਮੁਕਰਨ॥
ਬਡ ਪਰਤਾਪੁ ਸੁਨਿਓ ਪ੍ਰਭ ਤੁਮ੍ਰੋ ਕੋਟਿ ਅਘਾ ਤੇਰੋ ਨਾਮ ਹਰਨ॥
ਹਮਰੋ ਸਹਾਉ ਸਦਾ ਸਦ ਭੂਲਨ ਤੁਮ੍ਰੋ ਬਿਰਦੁ ਪਤਿਤ ਉਧਰਨ॥
ਕਰੁਣਾ ਮੈ ਕਿਰਪਾਲ ਕ੍ਰਿਪਾ ਨਿਧਿ ਜੀਵਨ ਪਦ ਨਾਨਕ ਹਰਿ ਦਰਸਨ॥ (੮੨੮)

– ਤੁਝ ਬਿਨੁ ਅਵਰੁ ਨਾਹੀ ਮੈ ਦੂਜਾ ਤੂੰ ਮੇਰੇ ਮਨ ਮਾਹੀ॥ ਤੂੰ ਸਾਜਨੁ ਸੰਗੀ ਪ੍ਰਭੁ ਮੇਰਾ ਕਾਹੇ ਜੀਅ ਡਰਾਹੀ॥
ਤੁਮਰੀ ਓਟ ਤੁਮਾਰੀ ਆਸਾ॥ ਬੈਠਤ ਊਠਤ ਸੋਵਤ ਜਾਗਤ ਵਿਸਰੁ ਨਾਹੀ ਤੂੰ ਸਾਸ ਗਿਰਾਸਾ॥ਰਹਾਉ॥
ਰਾਖੁ ਰਾਖੁ ਸਰਣਿ ਪ੍ਰਭ ਅਪਨੀ ਅਗਨਿ ਸਾਗਰ ਵਿਕਰਾਲਾ॥
ਨਾਨਕ ਕੇ ਸੁਖਦਾਤੇ ਸਤਿਗੁਰ ਹਮ ਤੁਮਰੇ ਬਾਲ ਗੁਪਾਲਾ॥ (੩੭੮)

– ਤੂੰ ਮੇਰਾ ਪਿਤਾ ਤੂੰਹੈ ਮੇਰਾ ਮਾਤਾ॥ ਤੂੰ ਮੇਰਾ ਬੰਧਪੁ ਤੂੰ ਮੇਰਾ ਭ੍ਰਾਤਾ॥
ਤੂੰ ਮੇਰਾ ਰਾਖਾ ਸਭਨੀ ਥਾਈ ਤਾ ਭਉ ਕੇਹਾ ਕਾੜਾ ਜੀਉ॥
ਤੁਮਰੀ ਕ੍ਰਿਪਾ ਤੇ ਤੁਧੁ ਪਛਾਣਾ॥ ਤੂੰ ਮੇਰੀ ਓਟ ਤੂੰਹੈ ਮੇਰਾ ਮਾਣਾ॥
ਤੁਝ ਬਿਨੁ ਦੂਜਾ ਅਵਰੁ ਨ ਕੋਈ ਸਭੁ ਤੇਰਾ ਖੇਲੁ ਅਖਾੜਾ ਜੀਉ॥
ਜੀਅ ਜੰਤ ਸਭਿ ਤੁਧੁ ਉਪਾਏ॥ ਜਿਤੁ ਜਿਤੁ ਭਾਣਾ ਤਿਤੁ ਤਿਤੁ ਲਾਏ॥
ਸਭ ਕਿਛੁ ਕੀਤਾ ਤੇਰਾ ਹੋਵੈ ਨਾਹੀ ਕਿਛੁ ਅਸਾੜਾ ਜੀਉ॥
ਨਾਮੁ ਧਿਆਇ ਮਹਾ ਸੁਖੁ ਪਾਇਆ॥ ਹਰਿ ਗੁਣ ਗਾਇ ਮੇਰਾ ਮਨੁ ਸੀਤਲਾਇਆ॥
ਗੁਰਿ ਪੂਰੈ ਵਜੀ ਵਾਧਾਈ ਨਾਨਕ ਜਿਤਾ ਬਿਖਾੜਾ ਜੀਉ॥ (੧੦੩)

– ਪ੍ਰਭ ਇਹੈ ਮਨੋਰਥੁ ਮੇਰਾ॥ ਕ੍ਰਿਪਾ ਨਿਧਾਨ ਦਇਆਲ ਮੋਹਿ ਦੀਜੈ ਕਰਿ ਸੰਤਨ ਕਾ ਚੇਰਾ॥ਰਹਾਉ॥
ਪ੍ਰਾਤਹਕਾਲ ਲਾਗਉ ਜਨ ਚਰਨੀ ਨਿਸ ਬਾਸੁਰ ਦਰਸੁ ਪਾਵਉ॥
ਤਨੁ ਮਨੁ ਅਰਪਿ ਕਰਉ ਜਨ ਸੇਵਾ ਰਸਨਾ ਹਰਿ ਗੁਨ ਗਾਵਉ॥
ਸਾਸਿ ਸਾਸਿ ਸਿਮਰਉ ਪ੍ਰਭੁ ਅਪੁਨਾ ਸੰਤਸੰਗਿ ਨਿਤ ਰਹੀਐ॥

ਏਕੁ ਅਧਾਰੁ ਨਾਮੁ ਧਨੁ ਮੋਰਾ ਅਨਦੁ ਨਾਨਕ ਇਹੁ ਲਹੀਐ॥ (੫੩੩)

– ਉਕਤਿ ਸਿਆਨਪ ਕਿਛੂ ਨ ਜਾਨਾ॥ ਦਿਨੁ ਰੈਣਿ ਤੇਰਾ ਨਾਮੁ ਵਖਾਨਾ॥
ਮੈ ਨਿਰਗੁਨ ਗੁਣੁ ਨਾਹੀ ਕੋਇ॥ ਕਰਨ ਕਰਾਵਨਹਾਰ ਪ੍ਰਭ ਸੋਇ॥ਰਹਾਉ॥
ਮੂਰਖ ਮੁਗਧ ਅਗਿਆਨ ਅਵੀਚਾਰੀ॥ ਨਾਮ ਤੇਰੇ ਕੀ ਆਸ ਮਨਿ ਧਾਰੀ॥
ਜਪੁ ਤਪੁ ਸੰਜਮੁ ਕਰਮ ਨ ਸਾਧਾ॥ ਨਾਮੁ ਪ੍ਰਭੂ ਕਾ ਮਨਹਿ ਅਰਾਧਾ॥
ਕਿਛੂ ਨ ਜਾਨਾ ਮਤਿ ਮੇਰੀ ਥੋਰੀ॥ ਬਿਨਵਤਿ ਨਾਨਕ ਓਟ ਪ੍ਰਭ ਤੋਰੀ॥ (੩੮੭)

– ਸਤਿਗੁਰ ਪਾਸਿ ਬੇਨੰਤੀਆ ਮਿਲੈ ਨਾਮੁ ਆਧਾਰਾ॥ ਤੁਠਾ ਸਚਾ ਪਾਤਿਸਾਹੁ ਤਾਪੁ ਗਇਆ ਸੰਸਾਰਾ॥
ਭਗਤਾ ਕੀ ਟੇਕ ਤੂੰ ਸੰਤਾ ਕੀ ਓਟ ਤੂੰ ਸਚਾ ਸਿਰਜਨਹਾਰਾ॥ਰਹਾਉ॥
ਸਚੁ ਤੇਰੀ ਸਾਮਗਰੀ ਸਚੁ ਤੇਰਾ ਦਰਬਾਰਾ॥ ਸਚੁ ਤੇਰੇ ਖਾਜੀਨਿਆ ਸਚੁ ਤੇਰਾ ਪਾਸਾਰਾ॥
ਤੇਰਾ ਰੂਪੁ ਅਗੰਮੁ ਹੈ ਅਨੂਪੁ ਤੇਰਾ ਦਰਸਾਰਾ॥ ਹਉ ਕੁਰਬਾਣੀ ਤੇਰਿਆ ਸੇਵਕਾ ਜਿਨ੍ ਹਰਿ ਨਾਮੁ ਪਿਆਰਾ॥
ਸਭੇ ਇਛਾ ਪੂਰੀਆ ਜਾ ਪਾਇਆ ਅਗਮ ਅਪਾਰਾ॥
ਗੁਰੁ ਨਾਨਕੁ ਮਿਲਿਆ ਪਾਰਬ੍ਰਹਮੁ ਤੇਰਿਆ ਚਰਣਾ ਕਉ ਬਲਿਹਾਰਾ॥ (੭੪੬)

– ਸਭਿ ਅਵਗਣ ਮੈ ਗੁਣੁ ਨਹੀ ਕੋਈ॥ ਕਿਉ ਕਰਿ ਕੰਤ ਮਿਲਾਵਾ ਹੋਈ॥
ਨਾ ਮੈ ਰੂਪੁ ਨ ਬੰਕੇ ਨੈਣਾ॥ ਨਾ ਕੁਲ ਢੰਗੁ ਨ ਮੀਠੇ ਬੈਣਾ॥ਰਹਾਉ॥
ਸਹਜਿ ਸੀਗਾਰ ਕਾਮਣਿ ਕਰਿ ਆਵੈ॥ ਤਾ ਸੋਹਾਗਣਿ ਜਾ ਕੰਤੈ ਭਾਵੈ॥
ਨਾ ਤਿਸੁ ਰੂਪੁ ਨ ਰੇਖਿਆ ਕਾਈ॥ ਅੰਤਿ ਨ ਸਾਹਿਬੁ ਸਿਮਰਿਆ ਜਾਈ॥
ਸੁਰਤਿ ਮਤਿ ਨਾਹੀ ਚਤੁਰਾਈ॥ ਕਰਿ ਕਿਰਪਾ ਪ੍ਰਭ ਲਾਵਹੁ ਪਾਈ॥
ਖਰੀ ਸਿਆਣੀ ਕੰਤ ਨ ਭਾਣੀ॥ ਮਾਇਆ ਲਾਗੀ ਭਰਮਿ ਭੁਲਾਣੀ॥
ਹਉਮੈ ਜਾਈ ਤਾ ਕੰਤ ਸਮਾਈ॥ ਤਉ ਕਾਮਣਿ ਪਿਆਰੇ ਨਵ ਨਿਧਿ ਪਾਈ॥
ਅਨਿਕ ਜਨਮ ਬਿਛੁਰਤ ਦੁਖੁ ਪਾਇਆ॥ ਕਰੁ ਗਹਿ ਲੇਹੁ ਪ੍ਰੀਤਮ ਪ੍ਰਭ ਰਾਇਆ॥
ਭਣਤਿ ਨਾਨਕੁ ਸਹੁ ਹੈ ਭੀ ਹੋਸੀ॥ ਜੈ ਭਾਵੈ ਪਿਆਰਾ ਤੈ ਰਾਵੇਸੀ॥ (੭੫੦)

– ਅਪਨੇ ਸੇਵਕ ਕਉ ਕਬਹੁ ਨ ਬਿਸਾਰਹੁ॥
ਉਰਿ ਲਾਗਹੁ ਸੁਆਮੀ ਪ੍ਰਭ ਮੇਰੇ ਪੂਰਬ ਪ੍ਰੀਤਿ ਗੋਬਿੰਦ ਬੀਚਾਰਹੁ॥ਰਹਾਉ॥
ਪਤਿਤ ਪਾਵਨ ਪ੍ਰਭ ਬਿਰਦੁ ਤੁਮ੍ਹਾਰੋ ਹਮਰੇ ਦੋਖ ਰਿਦੈ ਮਤ ਧਾਰਹੁ॥
ਜੀਵਨ ਪ੍ਰਾਨ ਹਰਿ ਧਨੁ ਸੁਖੁ ਤੁਮ ਹੀ ਹਉਮੈ ਪਟਲੁ ਕ੍ਰਿਪਾ ਕਰਿ ਜਾਰਹੁ॥
ਜਲ ਬਿਹੂਨ ਮੀਨ ਕਤ ਜੀਵਨ ਦੂਧ ਬਿਨਾ ਰਹਨੁ ਕਤ ਬਾਰੋ॥
ਜਨ ਨਾਨਕ ਪਿਆਸ ਚਰਨ ਕਮਲਨ੍ ਕੀ ਪੇਖਿ ਦਰਸੁ ਸੁਆਮੀ ਸੁਖ ਸਾਰੋ॥ (੮੨੯)

– ਸਤਿਗੁਰ ਆਇਓ ਸਰਣਿ ਤੁਹਾਰੀ॥ ਮਿਲੈ ਸੂਖੁ ਨਾਮੁ ਹਰਿ ਸੋਭਾ ਚਿੰਤਾ ਲਾਹਿ ਹਮਾਰੀ॥ਰਹਾਉ॥
ਅਵਰ ਨ ਸੂਝੈ ਦੂਜੀ ਠਾਹਰ ਹਾਰਿ ਪਰਿਓ ਤਉ ਦੁਆਰੀ॥
ਲੇਖਾ ਛੋਡਿ ਅਲੇਖੈ ਛੂਟਹ ਹਮ ਨਿਰਗੁਨ ਲੇਹੁ ਉਬਾਰੀ॥
ਸਦ ਬਖਸਿੰਦੁ ਸਦਾ ਮਿਹਰਵਾਨਾ ਸਭਨਾ ਦੇਇ ਅਧਾਰੀ॥
ਨਾਨਕ ਦਾਸ ਸੰਤ ਪਾਛੈ ਪਰਿਓ ਰਾਖਿ ਲੇਹੁ ਇਹ ਬਾਰੀ॥ (੭੧੩)

– ਕ੍ਰਿਪਾ ਨਿਧਿ ਬਸਹੁ ਰਿਦੈ ਹਰਿ ਨੀਤ॥ ਤੈਸੀ ਬੁਧਿ ਕਰਹੁ ਪਰਗਾਸਾ ਲਾਗੈ ਪ੍ਰਭ ਸੰਗਿ ਪ੍ਰੀਤਿ॥ਰਹਾਉ॥
ਦਾਸ ਤੁਮਾਰੇ ਕੀ ਪਾਵਉ ਧੂਰਾ ਮਸਤਕਿ ਲੇ ਲੇ ਲਾਵਉ॥
ਮਹਾ ਪਤਿਤ ਤੇ ਹੋਤ ਪੁਨੀਤਾ ਹਰਿ ਕੀਰਤਨ ਗੁਨ ਗਾਵਉ॥
ਆਗਿਆ ਤੁਮਰੀ ਮੀਠੀ ਲਾਗਉ ਕੀਓ ਤੁਹਾਰੋ ਭਾਵਉ॥

ਜੋ ਤੂ ਦੇਹਿ ਤਹੀ ਇਹੁ ਤ੍ਰਿਪਤੈ ਆਨ ਨ ਕਤਹੂ ਧਾਵਉ॥
ਸਦ ਹੀ ਨਿਕਟਿ ਜਾਨਉ ਪ੍ਰਭ ਸੁਆਮੀ ਸਗਲ ਰੇਣ ਹੋਇ ਰਹੀਐ॥
ਸਾਧੂ ਸੰਗਤਿ ਹੋਇ ਪਰਾਪਤਿ ਤਾ ਪ੍ਰਭੁ ਅਪੁਨਾ ਲਹੀਐ॥
ਸਦਾ ਸਦਾ ਹਮ ਛੋਹਰੇ ਤੁਮਰੇ ਤੂ ਪ੍ਰਭ ਹਮਰੋ ਮੀਰਾ॥
ਨਾਨਕ ਬਾਰਿਕ ਤੁਮ ਮਾਤ ਪਿਤਾ ਮੁਖਿ ਨਾਮੁ ਤੁਮਾਰੋ ਖੀਰਾ॥ (੭੧੨)

– ਜਾਚਕ ਜਨੁ ਜਾਚੈ ਪ੍ਰਭ ਦਾਨੁ॥ ਕਰਿ ਕਿਰਪਾ ਦੇਵਹੁ ਹਰਿ ਨਾਮੁ॥
ਸਾਧ ਜਨਾ ਕੀ ਮਾਗਉ ਧੂਰਿ॥ ਪਾਰਬ੍ਰਹਮੁ ਮੇਰੀ ਸਰਧਾ ਪੂਰਿ॥
ਸਦਾ ਸਦਾ ਪ੍ਰਭ ਕੇ ਗੁਨ ਗਾਵਉ॥ ਸਾਸਿ ਸਾਸਿ ਪ੍ਰਭ ਤੁਮਹਿ ਧਿਆਵਉ॥
ਚਰਨ ਕਮਲ ਸਿਉ ਲਾਗੈ ਪ੍ਰੀਤਿ॥ ਭਗਤਿ ਕਰਉ ਪ੍ਰਭ ਕੀ ਨਿਤ ਨੀਤਿ॥
ਏਕ ਓਟ ਏਕੋ ਆਧਾਰੁ॥ ਨਾਨਕੁ ਮਾਗੈ ਨਾਮੁ ਪ੍ਰਭ ਸਾਰੁ॥ (੨੮੯)

– ਪਾਂਚ ਬਰਖ ਕੋ ਅਨਾਥੁ ਧ੍ਰੂ ਬਾਰਿਕੁ ਹਰਿ ਸਿਮਰਤ ਅਮਰ ਅਟਾਰੇ॥
ਪੁਤ੍ਰ ਹੇਤਿ ਨਾਰਾਇਣੁ ਕਹਿਓ ਜਮਕੰਕਰ ਮਾਰਿ ਬਿਦਾਰੇ॥
ਮੇਰੇ ਠਾਕੁਰ ਕੇਤੇ ਅਗਨਤ ਉਧਾਰੇ॥
ਮੋਹਿ ਦੀਨ ਅਲਪ ਮਤਿ ਨਿਰਗੁਣ ਪਰਿਓ ਸਰਣਿ ਦੁਆਰੇ॥ਰਹਾਉ॥
ਬਾਲਮੀਕੁ ਸੁਪਚਾਰੋ ਤਰਿਓ ਬਧਿਕ ਤਰੇ ਬਿਚਾਰੇ॥
ਏਕ ਨਿਮਖ ਮਨ ਮਾਹਿ ਅਰਾਧਿਓ ਗਜਪਤਿ ਪਾਰਿ ਉਤਾਰੇ॥
ਕੀਨੀ ਰਖਿਆ ਭਗਤ ਪ੍ਰਹਿਲਾਦੈ ਹਰਨਾਖਸ ਨਖਹਿ ਬਿਦਾਰੇ॥
ਬਿਦਰੁ ਦਾਸੀ ਸੁਤੁ ਭਇਓ ਪੁਨੀਤਾ ਸਗਲੇ ਕੁਲ ਉਜਾਰੇ॥
ਕਵਨ ਪਰਾਧ ਬਤਾਵਉ ਅਪੁਨੇ ਮਿਥਿਆ ਮੋਹ ਮਗਨਾਰੇ॥
ਆਇਓ ਸਾਮ ਨਾਨਕ ਓਟ ਹਰਿ ਕੀ ਲੀਜੈ ਭੁਜਾ ਪਸਾਰੇ॥ (੯੯੯)

– ਖੀਰ ਅਧਾਰਿ ਬਾਰਿਕੁ ਜਬ ਹੋਤਾ ਬਿਨੁ ਖੀਰੈ ਰਹਨੁ ਨ ਜਾਈ॥
ਸਾਰਿ ਸਮ੍ਹਾਲਿ ਮਾਤਾ ਮੁਖਿ ਨੀਰੈ ਤਬ ਓਹੁ ਤ੍ਰਿਪਤਿ ਅਘਾਈ॥
ਹਮ ਬਾਰਿਕ ਪਿਤਾ ਪ੍ਰਭੁ ਦਾਤਾ॥
ਭੂਲਹਿ ਬਾਰਿਕ ਅਨਿਕ ਲਖ ਬਰੀਆ ਅਨ ਠਉਰ ਨਾਹੀ ਜਹ ਜਾਤਾ॥ਰਹਾਉ॥
ਚੰਚਲ ਮਤਿ ਬਾਰਿਕ ਬਪੁਰੇ ਕੀ ਸਰਪ ਅਗਨਿ ਕਰ ਮੇਲੈ॥
ਮਾਤਾ ਪਿਤਾ ਕੰਠਿ ਲਾਇ ਰਾਖੈ ਅਨਦ ਸਹਜਿ ਤਬ ਖੇਲੈ॥
ਜਿਸ ਕਾ ਪਿਤਾ ਤੂ ਹੈ ਮੇਰੇ ਸੁਆਮੀ ਤਿਸੁ ਬਾਰਿਕ ਭੂਖ ਕੈਸੀ॥
ਨਵ ਨਿਧਿ ਨਾਮੁ ਨਿਧਾਨੁ ਗ੍ਰਿਹਿ ਤੇਰੈ ਮਨਿ ਬਾਂਛੈ ਸੋ ਲੈਸੀ॥
ਪਿਤਾ ਕ੍ਰਿਪਾਲਿ ਆਗਿਆ ਇਹ ਦੀਨੀ ਬਾਰਿਕੁ ਮੁਖਿ ਮਾਂਗੈ ਸੋ ਦੇਨਾ॥
ਨਾਨਕ ਬਾਰਿਕੁ ਦਰਸੁ ਪ੍ਰਭ ਚਾਹੈ ਮੋਹਿ ਹ੍ਰਿਦੈ ਬਸਹਿ ਨਿਤ ਚਰਨਾ॥ (੧੨੬੬)

– ਕੋਟਿ ਕੋਟੀ ਮੇਰੀ ਆਰਜਾ ਪਵਣੁ ਪੀਅਣੁ ਅਪਿਆਉ॥ ਚੰਦੁ ਸੂਰਜੁ ਦੁਇ ਗੁਫੈ ਨ ਦੇਖਾ ਸੁਪਨੈ ਸਉਣ ਨ ਥਾਉ॥
ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ॥
ਸਾਚਾ ਨਿਰੰਕਾਰੁ ਨਿਜ ਥਾਇ॥ ਸੁਣਿ ਸੁਣਿ ਆਖਣੁ ਆਖਣਾ ਜੇ ਭਾਵੈ ਕਰੇ ਤਮਾਇ॥ਰਹਾਉ॥
ਕੁਸਾ ਕਟੀਆ ਵਾਰ ਵਾਰ ਪੀਸਣਿ ਪੀਸਾ ਪਾਇ॥ ਅਗੀ ਸੇਤੀ ਜਾਲੀਆ ਭਸਮ ਸੇਤੀ ਰਲਿ ਜਾਉ॥
ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ॥
ਪੰਖੀ ਹੋਇ ਕੈ ਜੇ ਭਵਾ ਸੈ ਅਸਮਾਨੀ ਜਾਉ॥ ਨਦਰੀ ਕਿਸੈ ਨ ਆਵਊ ਨਾ ਕਿਛੁ ਪੀਆ ਨ ਖਾਉ॥
ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ॥

ਨਾਨਕ ਕਾਗਦ ਲਖ ਮਣਾ ਪੜਿ ਪੜਿ ਕੀਚੈ ਭਾਉ॥ ਮਸੂ ਤੋਟਿ ਨ ਆਵਈ ਲੇਖਣਿ ਪਉਣੁ ਚਲਾਉ॥
ਭੀ ਤੇਰੀ ਕੀਮਤਿ ਨਾ ਪਵੈ ਹਉ ਕੇਵਡੁ ਆਖਾ ਨਾਉ॥ (੧੪)

– ਕਿਤੈ ਪ੍ਰਕਾਰਿ ਨ ਤੂਟਉ ਪ੍ਰੀਤਿ॥ ਦਾਸ ਤੇਰੇ ਕੀ ਨਿਰਮਲ ਰੀਤਿ॥ਰਹਾਉ॥
ਜੀਅ ਪ੍ਰਾਨ ਮਨ ਧਨ ਤੇ ਪਿਆਰਾ॥ ਹਉਮੈ ਬੰਧੁ ਹਰਿ ਦੇਵਣਹਾਰਾ॥
ਚਰਨ ਕਮਲ ਸਿਉ ਲਾਗਉ ਨੇਹੁ॥ ਨਾਨਕ ਕੀ ਬੇਨੰਤੀ ਏਹ॥ (੬੮੪)

– ਦਾਸ ਤੇਰੇ ਕੀ ਬੇਨਤੀ ਰਿਦ ਕਰਿ ਪਰਗਾਸੁ॥ ਤੁਮ੍ਰੀ ਕ੍ਰਿਪਾ ਤੇ ਪਾਰਬ੍ਰਹਮ ਦੋਖਨ ਕੋ ਨਾਸੁ॥
ਚਰਨ ਕਮਲ ਕਾ ਆਸਰਾ ਪ੍ਰਭ ਪੁਰਖ ਗੁਣਤਾਸੁ॥
ਕੀਰਤਨ ਨਾਮੁ ਸਿਮਰਤ ਰਹਉ ਜਬ ਲਗੁ ਘਟਿ ਸਾਸੁ॥ਰਹਾਉ॥
ਮਾਤ ਪਿਤਾ ਬੰਧਪ ਤੂਹੈ ਤੂ ਸਰਬ ਨਿਵਾਸੁ॥ ਨਾਨਕ ਪ੍ਰਭ ਸਰਣਾਗਤੀ ਜਾ ਕੋ ਨਿਰਮਲ ਜਾਸੁ॥ (੮੧੮)

– ਧਾਰਿ ਅਨੁਗ੍ਰਹੁ ਸੁਆਮੀ ਮੇਰੇ ਦੁਤੀਆ ਭਾਉ ਨਿਵਾਰਿ॥ਬੰਧਨ ਕਾਟਿ ਲੇਹੁ ਅਪੁਨੇ ਕਰਿ ਕਬਹੂ ਨ ਆਵਹ ਹਾਰਿ॥
ਤੇਰੀ ਸਰਨਿ ਪਇਆ ਹਉ ਜੀਵਾਂ ਤੂੰ ਸੰਮ੍ਰਥੁ ਪੁਰਖੁ ਮਿਹਰਵਾਨੁ॥
ਆਠ ਪਹਰ ਪ੍ਰਭ ਕਉ ਆਰਾਧੀ ਨਾਨਕ ਸਦ ਕੁਰਬਾਨੁ॥ (੬੭੫)

– ਤੂ ਠਾਕੁਰੁ ਤੂ ਸਾਹਿਬੋ ਤੂਹੈ ਮੇਰਾ ਮੀਰਾ॥ ਤੁਧੁ ਭਾਵੈ ਤੇਰੀ ਬੰਦਗੀ ਤੂ ਗੁਣੀ ਗਹੀਰਾ॥
ਆਪੇ ਹਰਿ ਇਕ ਰੰਗੁ ਹੈ ਆਪੇ ਬਹੁ ਰੰਗੀ॥ ਜੋ ਤਿਸੁ ਭਾਵੈ ਨਾਨਕਾ ਸਾਈ ਗਲ ਚੰਗੀ॥ (੭੨੬)

– ਸਤਿਗੁਰ ਭੀਖਿਆ ਦੇਹਿ ਮੈ ਤੂੰ ਸੰਮ੍ਰਥੁ ਦਾਤਾਰੁ॥ ਹਉਮੈ ਗਰਬੁ ਨਿਵਾਰੀਐ ਕਾਮੁ ਕ੍ਰੋਧੁ ਅਹੰਕਾਰੁ॥
ਲਬੁ ਲੋਭੁ ਪਰਜਾਲੀਐ ਨਾਮੁ ਮਿਲੈ ਆਧਾਰੁ॥ ਅਹਿਨਿਸਿ ਨਵਤਨ ਨਿਰਮਲਾ ਮੈਲਾ ਕਬਹੂੰ ਨ ਹੋਇ॥
ਨਾਨਕ ਇਹ ਬਿਧਿ ਛੁਟੀਐ ਨਦਰਿ ਤੇਰੀ ਸੁਖੁ ਹੋਇ॥ (੭੯੦)

– ਹਮ ਭੀਖਕ ਭੇਖਾਰੀ ਤੇਰੇ ਤੂ ਨਿਜ ਪਤਿ ਹੈ ਦਾਤਾ॥
ਹੋਹੁ ਦੈਆਲ ਨਾਮੁ ਦੇਹੁ ਮੰਗਤ ਜਨ ਕੰਉ ਸਦਾ ਰਹਉ ਰੰਗਿ ਰਾਤਾ॥
ਹੰਉ ਬਲਿਹਾਰੈ ਜਾਉ ਸਾਚੇ ਤੇਰੇ ਨਾਮ ਵਿਟਹੁ॥
ਕਰਣ ਕਾਰਣ ਸਭਨਾ ਕਾ ਏਕੋ ਅਵਰੁ ਨ ਦੂਜਾ ਕੋਈ॥ਰਹਾਉ॥
ਬਹੁਤੇ ਫੇਰ ਪਏ ਕਿਰਪਨ ਕਉ ਅਬ ਕਿਛੁ ਕਿਰਪਾ ਕੀਜੈ॥
ਹੋਹੁ ਦਇਆਲ ਦਰਸਨੁ ਦੇਹੁ ਅਪੁਨਾ ਐਸੀ ਬਖਸ ਕਰੀਜੈ॥ (੬੬੬)

– ਵਿਸਰੁ ਨਾਹੀ ਦਾਤਾਰ ਆਪਣਾ ਨਾਮੁ ਦੇਹੁ॥ ਗੁਣ ਗਾਵਾ ਦਿਨੁ ਰਾਤਿ ਨਾਨਕ ਚਾਉ ਏਹੁ॥ (੭੬੨)

– ਇਕ ਨਾਨਕ ਕੀ ਅਰਦਾਸਿ ਜੇ ਤੁਧੁ ਭਾਵਸੀ॥ ਮੈ ਦੀਜੈ ਨਾਮ ਨਿਵਾਸੁ ਹਰਿ ਗੁਣ ਗਾਵਸੀ॥ (੭੫੨)

– ਮੈ ਦੀਜੈ ਨਾਮ ਨਿਵਾਸੁ ਅੰਤਰਿ ਸਾਂਤਿ ਹੋਇ॥ ਗੁਣ ਗਾਵੈ ਨਾਨਕ ਦਾਸੁ ਸਤਿਗੁਰੁ ਮਤਿ ਦੇਇ॥ (੭੫੩)

– ਦੁਇ ਕਰ ਜੋੜਿ ਮਾਗਉ ਇਕੁ ਦਾਨਾ ਸਾਹਿਬਿ ਤੁਠੈ ਪਾਵਾ॥
ਸਾਸਿ ਸਾਸਿ ਨਾਨਕੁ ਆਰਾਧੇ ਆਠ ਪਹਰ ਗੁਣ ਗਾਵਾ॥ (੭੪੯)

– ਦੁਇ ਕਰ ਜੋੜਿ ਕਰਉ ਅਰਦਾਸਿ॥ ਤੁਧੁ ਭਾਵੈ ਤਾ ਆਣਹਿ ਰਾਸਿ॥
ਕਰਿ ਕਿਰਪਾ ਅਪਨੀ ਭਗਤੀ ਲਾਇ॥ ਜਨ ਨਾਨਕ ਪ੍ਰਭੁ ਸਦਾ ਧਿਆਇ॥ (੭੩੭)

– ਕ੍ਰਿਪਾ ਨਿਧਾਨ ਨਾਨਕ ਕਉ ਕਰਹੁ ਦਾਤਿ॥ ਨਾਮੁ ਤੇਰਾ ਜਪੀ ਦਿਨੁ ਰਾਤਿ॥ (੭੪੦)

– ਨਿਮਖ ਨ ਬਿਸਰਹਿ ਹਰਿ ਚਰਣ ਤੁਮ੍ਹਾਰੇ॥ ਨਾਨਕੁ ਮਾਗੈ ਦਾਨੁ ਪਿਆਰੇ॥ (੭੪੩)

– ਹਰਿ ਜੀਉ ਤੁਧੁ ਨੋ ਸਦਾ ਸਾਲਾਹੀ ਪਿਆਰੇ ਜਿਚਰੁ ਘਟ ਅੰਤਰਿ ਹੈ ਸਾਸਾ॥
ਇਕੁ ਪਲੁ ਖਿਨੁ ਵਿਸਰਹਿ ਤੂ ਸੁਆਮੀ ਜਾਣਉ ਬਰਸ ਪਚਾਸਾ॥ (੬੦੧)

– ਮੈ ਤਾਣੁ ਦੀਬਾਣੁ ਤੂਹੈ ਮੇਰੇ ਸੁਆਮੀ ਮੈ ਤੁਧੁ ਆਗੈ ਅਰਦਾਸਿ॥
ਮੈ ਹੋਰੁ ਥਾਉ ਨਾਹੀ ਜਿਸੁ ਪਹਿ ਕਰਉ ਬੇਨੰਤੀ ਮੇਰਾ ਦੁਖੁ ਸੁਖੁ ਤੁਝ ਹੀ ਪਾਸਿ॥ (੭੩੫)

– ਤੂ ਅਥਾਹੁ ਅਪਾਰੁ ਅਤਿ ਊਚਾ ਕੋਈ ਅਵਰੁ ਨ ਤੇਰੀ ਭਾਤੇ॥
ਇਹ ਅਰਦਾਸਿ ਹਮਾਰੀ ਸੁਆਮੀ ਵਿਸਰੁ ਨਾਹੀ ਸੁਖਦਾਤੇ॥
ਦਿਨੁ ਰੈਣਿ ਸਾਸਿ ਸਾਸਿ ਗੁਣ ਗਾਵਾ ਜੇ ਸੁਆਮੀ ਤੁਧੁ ਭਾਵਾ॥
ਨਾਮੁ ਤੇਰਾ ਸੁਖੁ ਨਾਨਕੁ ਮਾਗੈ ਸਾਹਿਬ ਤੁਠੈ ਪਾਵਾ॥ (੭੪੭)

– ਮਹਾ ਕਲੋਲ ਬੁਝਹਿ ਮਾਇਆ ਕੇ ਕਰਿ ਕਿਰਪਾ ਮੇਰੇ ਦੀਨ ਦਇਆਲ॥
ਅਪਣਾ ਨਾਮੁ ਦੇਹਿ ਜਪਿ ਜੀਵਾ ਪੂਰਨ ਹੋਇ ਦਾਸ ਕੀ ਘਾਲ॥ (੬੮੩)

– ਅਨਿਕ ਜੋਨਿ ਭ੍ਰਮਿ ਭ੍ਰਮਿ ਭ੍ਰਮਿ ਹਾਰੇ॥ ਓਟ ਗਹੀ ਅਬ ਸਾਧ ਸੰਗਾਰੇ॥
ਅਗਮ ਅਗੋਚਰੁ ਅਲਖ ਅਪਾਰੇ॥ ਨਾਨਕੁ ਸਿਮਰੈ ਦਿਨੁ ਰੈਨਾਰੇ॥ (੭੪੦)

– ਆਏ ਅਨਿਕ ਜਨਮ ਭ੍ਰਮਿ ਸਰਣੀ॥ ਉਧਰੁ ਦੇਹ ਅੰਧ ਕੂਪ ਤੇ ਲਾਵਹੁ ਅਪੁਨੀ ਚਰਣੀ॥ਰਹਾਉ॥
ਗਿਆਨੁ ਧਿਆਨੁ ਕਿਛੁ ਕਰਮੁ ਨ ਜਾਨਾ ਨਾਹਿਨ ਨਿਰਮਲ ਕਰਣੀ॥
ਸਾਧਸੰਗਤਿ ਕੈ ਅੰਚਲਿ ਲਾਵਹੁ ਬਿਖਮ ਨਦੀ ਜਾਇ ਤਰਣੀ॥ (੭੦੨)

– ਹਮ ਅੰਧੁਲੇ ਗਿਆਨਹੀਨ ਅਗਿਆਨੀ ਕਿਉ ਚਾਲਹ ਮਾਰਗਿ ਪੰਥਾ॥
ਹਮ ਅੰਧੁਲੇ ਕਉ ਗੁਰ ਅੰਚਲੁ ਦੀਜੈ ਜਨ ਨਾਨਕ ਚਲਹ ਮਿਲੰਥਾ॥ (੬੯੬)

– ਨਦੀ ਤਰੰਦੜੀ ਮੈਡਾ ਖੋਜੁ ਨ ਖੁੰਭੈ ਮੰਝਿ ਮੁਹਬਤਿ ਤੇਰੀ॥
ਤਉ ਸਹ ਚਰਣੀ ਮੈਡਾ ਹੀਅੜਾ ਸੀਤਮੁ ਹਰਿ ਨਾਨਕ ਤੁਲਹਾ ਬੇੜੀ॥ (੫੨੦)

– ਨਿਰਗੁਣੁ ਮੁਗਧੁ ਅਜਾਣੁ ਅਗਿਆਨੀ ਕਰਮ ਧਰਮ ਨਹੀ ਜਾਣਾ॥
ਦਇਆ ਕਰਹੁ ਨਾਨਕੁ ਗੁਣ ਗਾਵੈ ਮਿਠਾ ਲਗੈ ਤੇਰਾ ਭਾਣਾ॥ (੭੪੮)

– ਕਿਰਪਾ ਕਰਹੁ ਦੀਨ ਕੇ ਦਾਤੇ ਮੇਰਾ ਗੁਣੁ ਅਵਗਣੁ ਨ ਬੀਚਾਰਹੁ ਕੋਈ॥
ਮਾਟੀ ਕਾ ਕਿਆ ਧੋਪੈ ਸੁਆਮੀ ਮਾਣਸ ਕੀ ਗਤਿ ਏਹੀ॥ (੮੮੨)

– ਦਇਆ ਕਰਹੁ ਬਸਹੁ ਮਨਿ ਆਇ॥ ਮੋਹਿ ਨਿਰਗੁਨ ਲੀਜੈ ਲੜਿ ਲਾਇ॥ (੮੦੨)

– ਦਇਆ ਕਰਹੁ ਹਰਿ ਦਰਸੁ ਦਿਖਾਵਹੁ ਮੇਰੈ ਮਨਿ ਤਨਿ ਲੋਚ ਘਣੇਰੀ॥ (੧੭੦)

– ਦਇਆ ਕਰਹੁ ਦਇਆਲ ਅਪਣੀ ਸਿਫਤਿ ਦੇਹੁ॥ ਦਰਸਨੁ ਦੇਖਿ ਨਿਹਾਲ ਨਾਨਕ ਪ੍ਰੀਤਿ ਏਹ॥ (੯੬੧)

– ਦਇਆ ਕਰਹੁ ਠਾਕੁਰ ਪ੍ਰਭ ਮੇਰੇ॥ ਗੁਣ ਗਾਵੈ ਨਾਨਕੁ ਨਿਤ ਤੇਰੇ॥ (੧੧੪੪)

– ਅਨੇਕ ਜਨਮ ਪਾਪ ਕਰਿ ਭਰਮੇ ਹੁਣਿ ਤਉ ਸਰਣਾਗਤਿ ਆਏ॥
ਦਇਆ ਕਰਹੁ ਰਖਿ ਲੇਵਹੁ ਹਰਿ ਜੀਉ ਹਮ ਲਾਗਹ ਸਤਿਗੁਰ ਪਾਏ॥ (੧੧੧੪)

– ਅਸੀ ਖਤੇ ਬਹੁਤੁ ਕਮਾਵਦੇ ਅੰਤੁ ਨ ਪਾਰਾਵਾਰੁ॥
ਹਰਿ ਕਿਰਪਾ ਕਰਿ ਕੈ ਬਖਸਿ ਲੈਹੁ ਹਉ ਪਾਪੀ ਵਡ ਗੁਨਹਗਾਰੁ॥ (੧੪੧੬)

– ਜੇਤਾ ਸਮੁੰਦੁ ਸਾਗਰੁ ਨੀਰਿ ਭਰਿਆ ਤੇਤੇ ਅਉਗਣ ਹਮਾਰੇ॥
ਦਇਆ ਕਰਹੁ ਕਿਛੁ ਮਿਹਰ ਉਪਾਵਹੁ ਡੁਬਦੇ ਪਥਰ ਤਾਰੇ॥ (੧੫੬)

– ਲੇਖੈ ਕਤਹਿ ਨ ਛੂਟੀਐ ਖਿਨੁ ਖਿਨੁ ਭੂਲਨਹਾਰ॥ ਬਖਸਨਹਾਰ ਬਖਸਿ ਲੈ ਨਾਨਕ ਪਾਰਿ ਉਤਾਰ॥ (੨੬੧)

– ਤੁਧੁ ਭਾਵੈ ਤਾ ਬਖਸਿ ਲੈਹਿ ਖੋਟੇ ਸੰਗਿ ਖਰੇ॥ ਨਾਨਕ ਭਾਵੈ ਪਾਰਬ੍ਰਹਮ ਪਾਹਨ ਨੀਰਿ ਤਰੇ॥ (੨੬੧)

– ਜੈਸਾ ਬਾਲਕੁ ਭਾਇ ਸੁਭਾਈ ਲਖ ਅਪਰਾਧ ਕਮਾਵੈ॥
ਕਰਿ ਉਪਦੇਸੁ ਝਿੜਕੇ ਬਹੁ ਭਾਤੀ ਬਹੁੜਿ ਪਿਤਾ ਗਲਿ ਲਾਵੈ॥
ਪਿਛਲੇ ਅਉਗੁਣ ਬਖਸਿ ਲਏ ਪ੍ਰਭੁ ਆਗੈ ਮਾਰਗਿ ਪਾਵੈ॥ (੬੨੪)

– ਕਾਮ ਕ੍ਰੋਧ ਅਰੁ ਲੋਭ ਮੋਹ ਬਿਨਸਿ ਜਾਇ ਅਹੰਮੇਵ॥ ਨਾਨਕ ਪ੍ਰਭ ਸਰਣਾਗਤੀ ਕਰਿ ਪ੍ਰਸਾਦੁ ਗੁਰਦੇਵ॥ (੨੬੯)

– ਕਾਮ ਕ੍ਰੋਧ ਲੋਭ ਝੂਠ ਨਿੰਦਾ ਇਨ ਤੇ ਆਪਿ ਛਡਾਵਹੁ॥
ਇਹ ਭੀਤਰ ਤੇ ਇਨ ਕਉ ਡਾਰਹੁ ਆਪਨ ਨਿਕਟਿ ਬੁਲਾਵਹੁ॥ (੬੧੭)

– ਪਰ ਧਨ ਪਰ ਤਨ ਪਰ ਕੀ ਨਿੰਦਾ ਇਨ ਸਿਉ ਪ੍ਰੀਤਿ ਨ ਲਾਗੈ॥
ਸੰਤਹ ਸੰਗੁ ਸੰਤ ਸੰਭਾਖਨੁ ਹਰਿ ਕੀਰਤਨਿ ਮਨੁ ਜਾਗੈ॥ (੬੭੪)

– ਸਾਦ ਬਿਕਾਰ ਬਿਖੈ ਰਸ ਮਾਤੋ ਅਸੰਖ ਖਤੇ ਕਰਿ ਫੇਰੇ॥
ਨਾਨਕ ਕੀ ਪ੍ਰਭ ਪਾਹਿ ਬਿਨੰਤੀ ਕਾਟਹੁ ਅਵਗੁਣ ਮੇਰੇ॥ (੬੧੫)

– ਆਏ ਪ੍ਰਭ ਸਰਨਾਗਤੀ ਕਿਰਪਾ ਨਿਧਿ ਦਇਆਲ॥
ਏਕ ਅਖਰੁ ਹਰਿ ਮਨਿ ਬਸਤ ਨਾਨਕ ਹੋਤ ਨਿਹਾਲ॥ (੨੬੧)

– ਆਇਓ ਸਰਣਿ ਦੀਨ ਦੁਖ ਭੰਜਨ ਚਿਤਵਉ ਤੁਮ੍ਰੀ ਓਰਿ॥
ਅਭੈ ਪਦੁ ਦਾਨੁ ਸਿਮਰਨੁ ਸੁਆਮੀ ਕੋ ਪ੍ਰਭ ਨਾਨਕ ਬੰਧਨ ਛੋਰਿ॥ (੭੦੧)

– ਸਰਣਿ ਸਮਰਥ ਅਗੋਚਰ ਸੁਆਮੀ॥ ਉਧਰੁ ਨਾਨਕ ਪ੍ਰਭ ਅੰਤਰਜਾਮੀ॥ (੭੪੪)

– ਦੀਨ ਦਰਦ ਦੁਖ ਭੰਜਨਾ ਘਟਿ ਘਟਿ ਨਾਥ ਅਨਾਥ॥ ਸਰਣਿ ਤੁਮ੍ਹਾਰੀ ਆਇਓ ਨਾਨਕ ਕੇ ਪ੍ਰਭ ਸਾਥ॥ (੨੬੩)

– ਫਿਰਤ ਫਿਰਤ ਪ੍ਰਭ ਆਇਆ ਪਰਿਆ ਤਉ ਸਰਨਾਇ॥
ਨਾਨਕ ਕੀ ਪ੍ਰਭ ਬੇਨਤੀ ਅਪਨੀ ਭਗਤੀ ਲਾਇ॥ (੨੮੯)

– ਕਹੁ ਨਾਨਕ ਹਮ ਨੀਚ ਕਰੰਮਾ॥ ਸਰਣਿ ਪਰੇ ਕੀ ਰਾਖਹੁ ਸਰਮਾ॥ (੧੨)

– ਸਰਨਿ ਪਰੇ ਕੀ ਰਾਖੁ ਦਇਆਲਾ॥ ਨਾਨਕ ਤੁਮਰੇ ਬਾਲ ਗੁਪਾਲਾ॥ (੨੬੦)

– ਤੁਧਨੋ ਛੋਡਿ ਜਾਈਐ ਪ੍ਰਭ ਕੈਂ ਧਰਿ॥ ਆਨ ਨ ਬੀਆ ਤੇਰੀ ਸਮਸਰਿ॥ (੩੭੧)

- ਕਿਸ ਹੀ ਕੋਈ ਕੋਇ ਮੰਞੁ ਨਿਮਾਣੀ ਇਕੁ ਤੂ॥ ਕਿਉ ਨ ਮਰੀਜੈ ਰੋਇ ਜਾ ਲਗੁ ਚਿਤਿ ਨ ਆਵਹੀ॥ (੭੯੧)

- ਕਿਸ ਹੀ ਜੋਰੁ ਅਹੰਕਾਰ ਬੋਲਣ ਕਾ॥ ਕਿਸ ਹੀ ਜੋਰੁ ਦੀਬਾਨ ਮਾਇਆ ਕਾ॥
  ਮੈ ਹਰਿ ਬਿਨੁ ਟੇਕ ਧਰ ਅਵਰ ਨ ਕਾਈ ਤੂ ਕਰਤੇ ਰਾਖੁ ਮੈ ਨਿਮਾਣੀ ਹੇ॥ (੧੦੭੧)

- ਚਾਰੇ ਕੁੰਡਾ ਢੂਢੀਆ ਕੋ ਨੀਮ੍ਰੀ ਮੈਡਾ॥ ਜੇ ਤੁਧੁ ਭਾਵੈ ਸਾਹਿਬਾ ਤੂ ਮੈ ਹਉ ਤੈਡਾ॥ (੪੧੮)

- ਦਰੁ ਬੀਭਾ ਮੈ ਨੀਮ੍ਰਿ ਕੋ ਕੈ ਕਰੀ ਸਲਾਮੁ॥ ਹਿਕੋ ਮੈਡਾ ਤੂ ਧਣੀ ਸਾਚਾ ਮੁਖਿ ਨਾਮੁ॥ (੪੧੮)

- ਮੈ ਨਾਹੀ ਕਛੁ ਹਉ ਨਹੀ ਕਿਛੁ ਆਹਿ ਨ ਮੋਰਾ॥ ਅਉਸਰ ਲਜਾ ਰਾਖਿ ਲੇਹੁ ਸਧਨਾ ਜਨੁ ਤੋਰਾ॥ (੮੫੮)

- ਐਸੀ ਕ੍ਰਿਪਾ ਕਰਹੁ ਪ੍ਰਭ ਮੇਰੇ॥ ਹਰਿ ਨਾਨਕ ਬਿਸਰੁ ਨ ਕਾਹੂ ਬੇਰੇ॥ (੮੦੬)

- ਮੇਰੇ ਹਰਿ ਜੀਉ ਸਭੁ ਕੋ ਤੇਰੈ ਵਸਿ॥
  ਅਸਾ ਜੋਰੁ ਨਾਹੀ ਜੇ ਕਿਛੁ ਕਰਿ ਹਮ ਸਾਕਹ ਜਿਉ ਭਾਵੈ ਤਿਵੈ ਬਖਸਿ॥ (੭੩੬)

- ਅਬ ਕੀ ਬਾਰ ਬਖਸਿ ਬੰਦੇ ਕਉ ਬਹੁਰਿ ਨ ਭਉਜਲਿ ਫੇਰਾ॥ (੧੧੦੪)

- ਮੈ ਮੂਰਖ ਮੁਗਧ ਊਪਰਿ ਕਰਹੁ ਦਇਆ॥ ਤਉ ਸਰਣਾਗਤਿ ਰਹਉ ਪਇਆ॥ (੧੧੭੦)